


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ


# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ, 23 ਫਰਵਰੀ 2025

Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 250 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111




## ਵਿਰਾਟ ਕੋਹਲੀ ਨੇ ਜੜਿਆ ਨਾਬਾਦ ਸੈਂਕੜਾ, ਭਾਰਤ ਨੇ ਪਾਕਿਸਤਾਨ ਨੂੰ 6 ਵਿਕਟਾਂ ਨਾਲ ਹਰਾਇਆ


ਦੁਬਈ, ਲੋਕ ਬਾਣੀ- ਵਿਰਾਟ ਕੋਹਲੀ (100) ਦੇ ਨਾਬਾਦ ਸੈਂਕੜੇ ਤੇ ਸ਼੍ਰੇਅਰ ਅੱਈਅਰ (56) ਦੇ ਨੀਮ ਸੈਂਕੜੇ ਅਤੇ ਇਸ ਤੋਂ ਪਹਿਲਾਂ ਗੇਂਦਬਾਜ਼ਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਬਦੌਲਤ ਭਾਰਤ ਨੇ ਅੱਜ ਇਥੇ ਦੇ ਗਰੁੱਪ ਏ ਦੇ ਮਹਾਂ ਮੁਕਾਬਲੇ ਵਿਚ ਆਪਣੇ ਰਵਾਇਤੀ ਵਿਰੋਧੀ ਪਾਕਿਸਤਾਨ ਨੂੰ 6 ਵਿਕਟਾਂ ਨਾਲ ਹਰਾ ਦਿੱਤਾ ਹੈ। ਇਸ ਜਿੱਤ ਨਾਲ ਭਾਰਤ ਨੇ ਜਿੱਥੇ ਚੈਂਪੀਅਨਜ਼ ਟਰਾਫ਼ੀ ਦੇ ਸੈਮੀ ਫਾਈਨਲ ਲਈ ਥਾਂ ਪੱਕੀ ਕਰ



ਲਈ ਹੈ, ਉਥੇ ਮੇਜ਼ਬਾਨ ਪਾਕਿਸਤਾਨ ਟੂਰਨਾਮੈਂਟ ’ਚੋਂ ਲਗਪਗ ਬਾਹਰ ਹੋ

## ਨਿਊ ਯਾਰਕ ਤੋਂ ਨਵੀਂ ਦਿੱਲੀ ਆ ਰਹੀ ਅਮਰੀਕੀ ਏਅਰਲਾਈਨ ਦੀ ਉਡਾਣ ‘ਬੰਬ ਦੀ ਧਮਕੀ’ ਕਰਕੇ ਰੋਮ ਡਾਈਵਰਟ

ਨਿਊ ਯਾਰਕ, ਲੋਕ ਬਾਣੀ- ਫਲਾਈਟ ਟਰੈਕਿੰਗ ਵੈੱਬਸਾਈਟ ਦੀ ਜਾਣਕਾਰੀ ਮੁਤਾਬਕ ਨਿਊ ਯਾਰਕ ਤੋਂ ਨਵੀਂ ਦਿੱਲੀ ਆ ਰਹੀ ਅਮਰੀਕੀ ਏਅਰਲਾਈਨ ਦੀ ਉਡਾਣ ਨੂੰ ਕਥਿਤ ‘ਬੰਬ ਦੀ ਧਮਕੀ’ ਮਿਲਣ ਮਗਰੋਂ ਰੋਮ ਡਾਈਵਰਟ ਕੀਤਾ ਗਿਆ ਹੈ। ਇਟਲੀ ਦੀ ਖ਼ਬਰ ਏਜੰਸੀ ANSA ਨੇ ਕਿਹਾ ਕਿ ਕਥਿਤ ਬੰਬ ਦੀ ਧਮਕੀ ਕਰਕੇ ਫਲਾਈਟ ਰੋਮ ਵੱਲ ਮੋੜਨੀ ਪਈ ਹੈ। ਅਮਰੀਕੀ ਏਅਰਲਾਈਨ ਦੀ





ਫਲਾਈਟ 11292 ਨਿਊ ਯਾਰਕ ਦੇ ਜੌਹਨ ਐੱਫ ਕੈਨੇਡੀ (•6™) ਕੌਮਾਂਤਰੀ ਹਵਾਈ ਅੱਡੇ ਤੋਂ 22 ਫਰਵਰੀ ਨੂੰ ਰਵਾਨਾ ਹੋਈ ਸੀ

## ਕੁਪਵਾੜਾ ’ਚ ਭੂਚਾਲ ਦੇ ਝਟਕੇ

ਨਵੀਂ ਦਿੱਲੀ, ਲੋਕ ਬਾਣੀ-ਜੰਮੂ ਕਸ਼ਮੀਰ ਦੇ ਕੁਪਵਾੜਾ ਵਿੱਚ ਐਤਵਾਰ ਦੇਰ ਰਾਤ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਨੈਸ਼ਨਲ ਸੈਂਟਰ ਫਾਰ ਸਿਜ਼ਮੋਲੋਜੀ (ਐਨਸੀਐਸ) ਦੇ ਅਨੁਸਾਰ ਰਿਕਟਰ ਪੈਮਾਨੇ ’ਤੇ ਭੂਚਾਲ ਦੀ ਤੀਬਰਤਾ 3.8 ਮਾਪੀ ਗਈ।

ਇਹ ਭੂਚਾਲ 23 ਫਰਵਰੀ ਨੂੰ ਭਾਰਤੀ ਸਮੇਂ ਅਨੁਸਾਰ 20:47:17 ਵਜੇ ਆਇਆ, ਜਿਸ ਦਾ ਕੇਂਦਰ 34.28 ਡਿਗਰੀ ਉੱਤਰ ਅਕਸ਼ਾਂਸ਼ ਅਤੇ



74.00 ਡਿਗਰੀ ਪੂਰਬ ਰੇਖਾਂਸ਼ ’ਤੇ 10 ਕਿਲੋਮੀਟਰ ਦੀ ਡੂੰਘਾਈ ’ਤੇ ਸੀ।ਫਿਲਹਾਲ ਭੂਚਾਲ ਕਾਰਨ ਜਾਨੀ ਮਾਲੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ।

## ਅਮਰੀਕਾ ਤੋਂ ਡਿਪੋਰਟ ਚਾਰ ਪੰਜਾਬੀ ਪਨਾਮਾ ਰਸਤੇ ਦਿੱਲੀ ਤੋਂ ਅੰਮ੍ਰਿਤਸਰ ਪੁੱਜੇ

ਅੰਮ੍ਰਿਤਸਰ, ਲੋਕ ਬਾਣੀ- ਗੈਰਕਾਨੂੰਨੀ ਢੰਗ ਨਾਲ ਅਮਰੀਕਾ ਰਹਿ ਰਹੇ ਅਤੇ ਪੁੱਜ ਰਹੇ ਪਰਵਾਸੀਆਂ ਨੂੰ ਬਾਹਰ ਕੱਢਣ ਦੀ ਅਮਰੀਕਾ ਸਰਕਾਰ ਦੀ ਮੁਹਿੰਮ ਤਹਿਤ ਅੱਜ ਚਾਰ ਪੰਜਾਬੀਆਂ ਨੂੰ ਡਿਪੋਰਟ ਕਰਕੇ ਅੰਮ੍ਰਿਤਸਰ ਭੇਜਿਆ ਗਿਆ ਹੈ, ਜਿਨ੍ਹਾਂ ਦੇ ਦਸਤਾਵੇਜ਼ਾਂ ਦੀ ਜਾਂਚ ਮਗਰੋਂ ਪੁਲੀਸ ਪ੍ਰਸ਼ਾਸਨ ਨੇ ਉਨ੍ਹਾਂ ਨੂੰ ਪਰਿਵਾਰਕ ਮੈਂਬਰਾਂ ਹਵਾਲੇ ਕਰਨ



ਲਈ ਸਬੰਧਿਤ ਥਾਣਿਆਂ ਵਿੱਚ ਭੇਜ ਦਿੱਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਅਮਰੀਕਾ ਤੋਂ ਵਾਪਸ ਭੇਜੇ ਗਏ

## ਭ੍ਰਿਸ਼ਟਾਚਾਰ ਦੇ ਹਰ ਕੇਸ ’ਚ ਮੁੱਢਲੀ ਜਾਂਚ ਜ਼ਰੂਰੀ ਨਹੀਂ: ਸੁਪਰੀਮ ਕੋਰਟ

ਨਵੀਂ ਦਿੱਲੀ, ਲੋਕ ਬਾਣੀ ਦੇਸ਼ ਦੀ ਸਰਵਉੱਚ ਅਦਾਲਤ ਨੇ ਕਿਹਾ ਕਿ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਦਰਜ ਹਰ ਮਾਮਲੇ ਵਿੱਚ ਮੁੱਢਲੀ ਜਾਂਚ ਕਰਨਾ ਲਾਜ਼ਮੀ ਨਹੀਂ ਹੈ ਅਤੇ ਇਹ ਦੋਸ਼ੀ ਦਾ ਨਿਹਿਤ ਅਧਿਕਾਰ ਨਹੀਂ ਹੈ।

ਅਦਾਲਤ ਨੇ ਕਿਹਾ ਕਿ ਭਾਵੇਂ ਭ੍ਰਿਸ਼ਟਾਚਾਰ ਰੋਕਥਾਮ (ਪੀਸੀ) ਐਕਟ ਅਧੀਨ ਦਰਜ ਮਾਮਲਿਆਂ ਸਣੇ ਕੁਝ ਸ਼੍ਰੇਣੀਆਂ ਦੇ ਮਾਮਲਿਆਂ ਵਿੱਚ ਮੁੱਢਲੀ



ਜਾਂਚ ਜ਼ਰੂਰੀ ਹੈ ਪਰ ਇਹ ਅਪਰਾਧਿਕ ਕੇਸ ਦਰਜ ਕਰਨ ਲਈ ਲਾਜ਼ਮੀ ਨਹੀਂ ਹੈ।

## ਪਾਕਿ ਆਧਾਰਿਤ ਅਤਿਵਾਦੀ ਰਿੰਦਾ ਨਾਲ ਸਬੰਧਿਤ ਬੱਬਰ ਖ਼ਾਲਸਾ ਇੰਟਰਨੈਸ਼ਨਲ ਦੇ ਦੋ ਕਾਰਕੁਨ ਗ੍ਰਿਫ਼ਤਾਰ


ਚੰਡੀਗੜ੍ਹ, ਲੋਕ ਬਾਣੀ- ਪੰਜਾਬ ਪੁਲੀਸ ਨੇ ਅੱਜ ਇੱਥੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੇ ਪਾਬੰਦੀਸ਼ੁਦਾ ਸੰਗਠਨ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦੇ ਦੋ ਮੁੱਖ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਨ੍ਹਾਂ ਦੇ ਪਾਕਿਸਤਾਨ ਆਧਿਰਤ



ਅਤਿਵਾਦੀ ਹਰਵਿੰਦਰ ਸਿੰਘ ਰਿੰਦਾ ਅਤੇ ਯੂਐੱਸ-ਆਧਾਰਿਤ ਗੈਂਗਸਟਰ ਹੈਪੀ ਪੱਸੀਆਂ ਨਾਲ ਸਿੱਧੇ ਸਬੰਧ ਹਨ।

## ਮਹਾਕੁੰਭ ਤੋਂ ਪਰਤ ਰਹੇ ਪਰਿਵਾਰ ਦੀ ਕਾਰ ਹਾਦਸਾਗ੍ਰਸਤ, ਚਾਰ ਦੀ ਮੌਤ

ਫ਼ਤਿਹਗੜ੍ਹ ਸਾਹਿਬ, ਲੋਕ ਬਾਣੀ- ਉਦਯੋਗਿਕ ਸ਼ਹਿਰ ਮੰਡੀ ਗੋਬਿੰਦਗੜ੍ਹ ਵਿਖੇ ਹੋਏ ਦਰਦਨਾਕ ਸੜਕ ਹਾਦਸੇ ਵਿਚ ਦੋ ਵਿਅਕਤੀਆਂ, ਇਕ ਮਹਿਲਾ ਅਤੇ ਬੱਚੀ ਸਮੇਤ ਚਾਰ ਜਣਿਆਂ ਦੀ ਮੌਤ ਹੋ ਜਾਣਾ ਅਤੇ ਇਕ ਮਹਿਲਾ ਦੇ ਗੰਭੀਰ ਰੂਪ ਵਿਚ ਜਖ਼ਮੀ ਹੋ ਜਾਣ ਦਾ ਸਮਾਚਾਰ ਹੈ, ਜਿਸ ਨੂੰ ਲੁਧਿਆਣਾ ਦੇ ਇਕ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ ਹੈ। ਇਸ ਸੰਬੰਧੀ ਥਾਣਾ ਮੰਡੀ ਗੋਬਿੰਦਗੜ੍ਹ ਦੇ ਐਸ. ਐਚ. ਓ. ਅਰਸ਼ਦੀਪ ਸ਼ਰਮਾ ਨੇ ਦੱਸਿਆ ਕਿ ਸਾਰੇ



ਇਕ ਹੀ ਪਰਿਵਾਰ ਦੇ ਮੈਂਬਰ ਹਨ ਅਤੇ ਲੁਧਿਆਣਾ ਦੇ ਰਹਿਣ ਵਾਲੇ ਸਨ ਜੋ ਕਿ ਕਾਰ ਵਿਚ ਸਵਾਰ ਹੋ ਕੇ ਮਹਾਕੁੰਭ ਤੋਂ ਵਾਪਿਸ ਲੁਧਿਆਣਾ ਪਰਤ ਰਹੇ ਸਨ

## ਟਰੱਕ ਦੀ ਟੱਕਰ ਕਾਰਨ ਪੀਏਸੀ ਬਟਾਲੀਅਨ ਦੇ ਕਮਾਂਡੈਂਟ ਸਣੇ ਤਿੰਨ ਜ਼ਖ਼ਮੀ

ਭਦੋਹੀ (ਉੱਤਰ ਪ੍ਰਦੇਸ਼) ਲੋਕ ਬਾਣੀ --ਭਦੋਹੀ ਜ਼ਿਲ੍ਹੇ ਵਿੱਚ ਇੱਕ ਤੇਜ਼ ਰਫ਼ਤਾਰ ਟਰੱਕ ਨੇ ਇੱਕ ਸਰਕਾਰੀ ਗੱਡੀ ਨੂੰ ਪਿੱਛੇ ਤੋਂ ਟੱਕਰ ਮਾਰ ਦਿੱਤੀ, ਜਿਸ ਕਾਰਨ ਉਸ ਵਿੱਚ ਸਵਾਰ ਪੀਏਸੀ ਬਟਾਲੀਅਨ ਦੇ ਕਮਾਂਡੈਂਟ ਸਣੇ ਤਿੰਨ ਪੁਲੀਸ ਕਰਮੀ ਜ਼ਖ਼ਮੀ ਹੋ ਗਈ। ਪੁਲੀਸ ਅਧਿਕਾਰੀਆਂ ਨੇ ਅੱਜ ਇੱਥੇ ਦੱਸਿਆ ਕਿ ਇਹ ਘਟਨਾ ਸ਼ਨਿੱਚਰਵਾਰ ਨੂੰ ਜ਼ਿਲ੍ਹੇ ਦੇ ਗੋਪੀਗੰਜ ਥਾਣਾ ਖੇਤਰ ਵਿੱਚ ਕੌਮੀ ਰਾਜਮਾਰਗ-19 ’ਤੇ ਵਾਪਰੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 42 ਕਿਲੋਮੀਟਰ ਲੰਬੇ ਮਾਰਗ ’ਤੇ ਪ੍ਰਯਾਗਰਾਜ ਮਹਾਕੁੰਭ ਲਈ ਪੀਏਸੀ ਦੀ




39ਵੀਂ ਬਟਾਲੀਅਨ ਦੇ ਜਵਾਨ ਤਾਇਨਾਤ ਹਨ। ਉਨ੍ਹਾਂ ਅਨੁਸਾਰ ਬਟਾਲੀਅਨ ਦੇ ਕਮਾਂਡੈਂਟ ਬਿਕਾਸ ਕੁਮਾਰ ਆਪਣੀ ਸਰਕਾਰੀ ਗੱਡੀ ’ਚ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਜਾ ਰਹੇ ਤਾਂ ਇੱਕ ਢਾਬੇ ਨੇੜੇ ਪਿੱਛਿਓਂ ਆ ਰਹੇ ਤੇਜ਼ ਰਫ਼ਤਾਰ ਟਰੱਕ ਨੇ ਉਨ੍ਹਾਂ ਦੀ ਗੱਡੀ ਨੂੰ ਟੱਕਰ ਮਾਰ ਦਿੱਤੀ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਗੂਗਲ ਪੇਅ ਰਾਹੀਂ 4500 ਰੁਪਏ ਰਿਸ਼ਵਤ ਲੈਣ ਵਾਲਾ ਹੌਲਦਾਰ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫ਼ਤਾਰ



ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਕਾਰਵਾਈ ਦੌਰਾਨ, ਪੁਲਿਸ ਥਾਣਾ ਡਿਵੀਜ਼ਨ-5, ਜਲੰਧਰ ਵਿਖੇ ਤਾਇਨਾਤ ਇੱਕ ਪੁਲਿਸ ਹੌਲਦਾਰ ਕੁਲਵਿੰਦਰ ਸਿੰਘ (2153/ਕਮਿਸ਼ਨਰੇਟ) ਨੂੰ 4500 ਰੁਪਏ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ।ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ, ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਇਹ ਮਾਮਲਾ ਭਾਰਗੋ ਕੈਂਪ, ਜਲੰਧਰ ਦੇ ਰਹਿਣ ਵਾਲੇ ਇੱਕ ਵਿਅਕਤੀ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਆਨਲਾਈਨ ਸ਼ਿਕਾਇਤ ਦੀ ਜਾਂਚ ਤੋਂ ਬਾਅਦ ਦਰਜ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿਹਾ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਕਤ ਪੁਲਿਸ ਥਾਣੇ ਵਿੱਚ ਉਸ ਵਿਰੁੱਧ ਇੱਕ ਪੁਲਿਸ ਕੇਸ ਦਰਜ ਸੀ, ਪਰ ਉਕਤ ਪੁਲਿਸ ਮੁਲਾਜ਼ਮ ਨੇ ਬਿਨਾਂ ਕਿਸੇ ਦਸਤਾਵੇਜ਼ੀ ਕਾਰਵਾਈ ਤੋਂ ਸ਼ਿਕਾਇਤਕਰਤਾ ਦਾ ਮੋਬਾਈਲ ਫੋਨ ਆਪਣੇ ਕੋਲ ਰੱਖ ਲਿਆ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ ਪੁਲਿਸ ਕਰਮਚਾਰੀ ਉਸਦਾ ਫੋਨ ਵਾਪਸ ਕਰਨ ਅਤੇ ਮੁਕੱਦਮੇ ਵਿੱਚ ਉਸਦੀ ਮਦਦ ਕਰਨ ਬਦਲੇ 10000 ਰੁਪਏ ਦੀ ਮੰਗੇ ਸੀ ਅਤੇ ਪੈਸੇ ਨਾ ਦੇਣ ਦੀ ਸੂਰਤ ਵਿੱਚ ਸ਼ਿਕਾਇਤਕਰਤਾ ਖਿਲਾਫ ਸਾਈਬਰ ਅਪਰਾਧ ਤਹਿਤ ਇੱਕ ਹੋਰ ਕੇਸ ਦਰਜ ਕਰਨ ਦੀ ਧਮਕੀ ਵੀ ਦੇ ਰਿਹਾ ਸੀ। ਸ਼ਿਕਾਇਤ ਅਨੁਸਾਰ ਇਸ ਪੁਲਿਸ ਮੁਲਾਜ਼ਮ ਨੇ ਗੂਗਲ ਪੇਅ ਰਾਹੀਂ 4500 ਰੁਪਏ ਲਏ ਸਨ ਅਤੇ 5500 ਰੁਪਏ ਹੋਰ ਮੰਗ ਰਿਹਾ ਸੀ ਹਾਲਾਂਕਿ ਉਸ ਦਾ ਤਬਾਦਲਾ ਕਿਸੇ ਹੋਰ ਥਾਂ ਹੋ ਚੁੱਕਾ ਸੀ।


ਵਜੀਲੈਂਸ ਬਿਊਰੋ ਵੱਲੋਂ ਕੀਤੀ ਗਈ ਜਾਂਚ ਦੌਰਾਨ, ਇਸ ਸ਼ਿਕਾਇਤ ਵਿੱਚ ਲਗਾਏ ਗਏ ਦੋਸ਼ ਸਹੀ-ਵ-ਦਰੁਸਤ ਸਾਬਤ ਹੋਏ। ਇਸ ਤੋਂ ਬਾਅਦ ਹੌਲਦਾਰ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 7, 13(2) ਦੇ ਨਾਲ-ਨਾਲ 13(1) ਏ ਅਤੇ ਬੀਐਨਐਸ ਦੀ ਧਾਰਾ 308(2), 308(3), 316(5), 336(2), 336(3), 340(2) ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਗੈਂਗਸਟਰ ਜੱਗੂ ਭਗਵਾਨਪੁਰੀਆ ਇਕ ਹੋਰ ਮਾਮਲੇ ਚ ਬਰੀ, ਠੋਸ ਸਬੂਤ ਨਾਂ ਹੋਣ ਕਾਰਨ ਅਦਾਲਤ ਨੇ ਲਿਆ ਫੈਸਲਾ



(ਲੋਕ ਬਾਣੀ) ਤਰਨ ਤਾਰਨ ਦੇ ਵਿਧਾਨ ਸਭਾ ਹਲਕਾ ਪੱਟੀ ਦੇ ਪਿੰਡ ਤੂਤ ਭੰਗਾਲਾ ਵਿਖੇ ਪੁਲਿਸ ਵਲੋਂ ਮੋਟਰਸਾਈਕਲ 'ਤੇ ਜਾ ਰਹੇ ਤਿੰਨ ਨੌਜਵਾਨਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਮੋਟਰਸਾਇਕਲ ਸਵਾਰ ਨੌਜਵਾਨਾਂ ਨੇ ਪੁਲਿਸ ਪਾਰਟੀ 'ਤੇ ਫਾਇਰਿੰਗ ਕਰ ਦਿੱਤੀ। ਪੁਲਿਸ ਨੇ ਜਵਾਬੀ ਕਾਰਵਾਈ

# ਗੈਂਗਸਟਰ ਜੱਗੂ ਭਗਵਾਨਪੁਰੀਆ ਇਕ ਹੋਰ ਮਾਮਲੇ ਚ ਬਰੀ, ਠੋਸ ਸਬੂਤ ਨਾਂ ਹੋਣ ਕਾਰਨ ਅਦਾਲਤ ਨੇ ਲਿਆ ਫੈਸਲਾ



ਚੰਡੀਗੜ੍ਹ-(ਲੋਕ ਬਾਣੀ) ਗੈਂਗਸਟਰ ਜਗਦੀਪ ਸਿੰਘ ਉਰਫ ਜੱਗੂ ਭਗਵਾਨਪੁਰੀਆ ਨੂੰ ਇੱਕ ਹੋਰ ਮਾਮਲੇ ਵਿੱਚ ਬਰੀ ਕਰ ਦਿੱਤਾ ਗਿਆ ਹੈ। ਵਧੀਕ ਸੈਸ਼ਨ ਜੱਜ ਦੀ ਅਦਾਲਤ ਨੇ ਇਹ ਫੈਸਲਾ ਸੁਣਾਇਆ। ਇਹ ਕੇਸ ਮੱਤੇਵਾਲ ਪੁਲੀਸ ਨੇ ਦਸੰਬਰ 2012 ਵਿੱਚ ਐਨਡੀਪੀਐਸ ਐਕਟ ਤਹਿਤ ਦਰਜ ਕੀਤਾ ਸੀ।ਜਾਣਕਾਰੀ ਦਿੰਦੇ ਹੋਏ ਜੱਗੂ ਭਗਵਾਨਪੁਰੀਆ ਦੇ ਵਕੀਲ ਅਮਨਦੀਪ ਸਿੰਘ ਪਾਹਵਾ ਨੇ ਦੱਸਿਆ ਕਿ ਮੱਤੇਵਾਲ ਪੁਲਿਸ ਨੇ 2012 ਵਿੱਚ ਉਸਦੇ ਖਿਲਾਫ ਇੱਕ ਐਫ.ਆਈ.ਆਰ. ਦਰਜ ਕੀਤੀ ਸੀ, ਪੁਲਿਸ ਨੇ ਜੱਗੂ ਦੇ ਖੁਲਾਸੇ ਦੇ ਆਧਾਰ ਤੇ 700 ਗ੍ਰਾਮ ਪਾਬੰਦੀਸ਼ੁਦਾ ਨਸ਼ੀਲਾ ਪਦਾਰਥ ਬਰਾਮਦ ਕਰਨ ਦਾ ਦਾਅਵਾ ਕੀਤਾ ਸੀ। ਹਾਲਾਂਕਿ ਪੁਲਿਸ ਅਦਾਲਤ ਵਿੱਚ ਕੋਈ ਵੀ ਠੋਸ ਸਬੂਤ ਪੇਸ਼ ਨਹੀਂ ਕਰ ਸਕੀ, ਜਿਸ ਨਾਲ ਦੋਸ਼ ਸਾਬਤ ਹੋ ਸਕਣ।

ਵਕੀਲ ਨੇ ਕਿਹਾ ਕਿ ਇਹ ਮਾਮਲਾ ਝੂਠੀ ਕਹਾਣੀ ਦੇ ਆਧਾਰ ਤੇ ਦਰਜ ਕੀਤਾ ਗਿਆ ਸੀ, ਜਿਸ ਚ ਕਈ ਕਮੀਆਂ ਪਾਈਆਂ ਗਈਆਂ ਸਨ। ਅਦਾਲਤ ਨੇ ਕੇਸ ਵਿੱਚ ਪੇਸ਼ ਸਬੂਤਾਂ ਵਿੱਚ ਖਾਮੀਆਂ ਨੂੰ ਦੇਖਦੇ ਹੋਏ ਜੱਗੂ ਭਗਵਾਨਪੁਰੀਆ ਨੂੰ ਬਰੀ ਕਰ ਦਿੱਤਾ ਹੈ।

# ਕੇਂਦਰ-ਕਿਸਾਨਾਂ ਦੀ ਅਗਲੀ ਮੀਟਿੰਗ 19 ਮਾਰਚ ਨੂੰ; ਕੇਂਦਰੀ ਮੰਤਰੀਆਂ ਨੇ ਡੱਲੇਵਾਲ ਨੂੰ ਮਰਨ ਵਰਤ ਖ਼ਤਮ ਕਰਨ ਦੀ ਕੀਤੀ ਅਪੀਲ



ਚੰਡੀਗੜ੍ਹ- ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਸਮੇਤ ਹੋਰ ਮੰਗਾਂ ਨੂੰ ਲੈ ਕੇ ਅੰਦੋਲਨ ਕਰ ਰਹੇ ਕਿਸਾਨਾਂ ਦੇ ਵਫਦ ਵਿਚਾਲੇ ਸ਼ਨੀਵਾਰ (22 ਫਰਵਰੀ) ਨੂੰ ਚੰਡੀਗੜ੍ਹ ਚ ਛੇਵੇਂ ਦੌਰ ਦੀ ਮੀਟਿੰਗ ਵੀ ਬੇਸਿੱਟਾ ਰਹੀ। ਢਾਈ ਘੰਟੇ ਚੱਲੀ ਮੀਟਿੰਗ ਵਿੱਚ ਕੋਈ ਹੱਲ ਨਹੀਂ ਨਿਕਲਿਆ। ਹੁਣ ਅਗਲੀ ਮੀਟਿੰਗ 19 ਮਾਰਚ ਨੂੰ ਚੰਡੀਗੜ੍ਹ ਵਿੱਚ ਹੀ ਹੋਵੇਗੀ।ਮੀਟਿੰਗ ਤੋਂ ਬਾਅਦ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ- 'ਮੀਟਿੰਗ ਚੰਗੇ ਮਾਹੌਲ ਵਿੱਚ ਹੋਈ। ਅਸੀਂ ਮੋਦੀ ਸਰਕਾਰ ਦੀਆਂ ਤਰਜੀਹਾਂ ਕਿਸਾਨਾਂ ਦੇ ਸਾਹਮਣੇ ਰੱਖੀਆਂ। ਕਿਸਾਨਾਂ ਦੀ ਵੀ ਸੁਣੀ। ਕਿਸਾਨਾਂ ਦਾ ਆਪਣਾ ਡਾਟਾ ਹੈ ਅਤੇ ਕੇਂਦਰ ਸਰਕਾਰ ਦਾ ਆਪਣਾ ਡਾਟਾ ਹੈ। ਦੋਵੇਂ ਅੰਕੜੇ ਇਕੱਠੇ ਕੀਤੇ ਜਾਣਗੇ।ਇਸ ਦੇ ਨਾਲ ਹੀ ਮੀਟਿੰਗ ਵਿੱਚ ਸ਼ਿਵਰਾਜ ਸਿੰਘ ਚੌਹਾਨ, ਪ੍ਰਹਿਲਾਦ ਜੋਸ਼ੀ ਅਤੇ ਪਿਊਸ਼ ਗੋਇਲ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮਰਨ ਵਰਤ ਨੂੰ ਖਤਮ ਕਰਨ ਦੀ ਅਪੀਲ ਕੀਤੀ। ਡੱਲੇਵਾਲ ਨੇ ਉਨ੍ਹਾਂ ਨੂੰ ਕਿਹਾ ਕਿ ਜਦੋਂ ਤੱਕ ਸਾਰੀਆਂ ਫਸਲਾਂ ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਨਹੀਂ ਦਿੱਤੀ ਜਾਂਦੀ ਉਦੋਂ ਤੱਕ ਮਰਨ ਵਰਤ ਖਤਮ ਨਹੀਂ ਹੋਵੇਗਾ।

ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਨੇ ਆਪਣੀਆਂ ਮੰਗਾਂ ਦੇ ਸਮਰਥਨ ਵਿੱਚ ਕੁਝ ਅੰਕੜੇ ਸਾਹਮਣੇ ਰੱਖੇ ਹਨ। ਇਨ੍ਹਾਂ ਅੰਕੜਿਆਂ ਦੇ ਆਧਾਰ ਤੇ ਉਸ ਨੇ ਆਪਣੀਆਂ ਮੰਗਾਂ ਨੂੰ ਜਾਇਜ਼ ਠਹਿਰਾਇਆ। ਅੰਕੜਿਆਂ ਵਿੱਚ ਵੱਖ-ਵੱਖ ਫਸਲਾਂ ਦੀ ਖਰੀਦ ਮਾਤਰਾ, ਖਰੀਦ ਮੁੱਲ ਅਤੇ ਬਜ਼ਾਰ ਮੁੱਲ ਦੇ ਅੰਕੜੇ ਸ਼ਾਮਲ ਸਨ। ਇਨ੍ਹਾਂ ਅੰਕੜਿਆਂ ਤੇ ਵੱਖ-ਵੱਖ ਰਾਏ ਸਾਹਮਣੇ ਆਈ ਹੈ।ਕਿਸਾਨ ਜਥੇਬੰਦੀਆਂ ਵੱਲੋਂ ਦਿੱਤੇ ਗਏ ਅੰਕੜੇ ਕੇਂਦਰ ਸਰਕਾਰ ਦੇ ਅੰਕੜਿਆਂ ਨਾਲ ਮੇਲ ਨਹੀਂ ਖਾਂਦੇ, ਇਸ ਲਈ ਮੰਤਰੀਆਂ ਨੇ ਉਨ੍ਹਾਂ ਦੇ ਸਰੋਤ ਬਾਰੇ ਪੁੱਛਗਿੱਛ ਕੀਤੀ। ਫਿਰ ਫੈਸਲਾ ਕੀਤਾ ਗਿਆ ਕਿ ਕੇਂਦਰੀ ਏਜੰਸੀਆਂ ਅਗਲੇ ਕੁਝ ਦਿਨਾਂ ਵਿਚ ਕਿਸਾਨਾਂ ਤੋਂ ਇਹ ਅੰਕੜਾ ਇਕੱਠਾ ਕਰਨਗੀਆਂ ਅਤੇ 19 ਮਾਰਚ ਨੂੰ ਇਸ ਤੇ ਦੁਬਾਰਾ ਵਿਚਾਰ ਕੀਤਾ ਜਾਵੇਗਾ।

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਨੇ ਕਿਹਾ- ਮੀਟਿੰਗ ਚ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਤੇ ਚਰਚਾ ਕੀਤੀ ਗਈ। ਇਸ ਸਬੰਧੀ ਸਾਰੇ ਕਿਸਾਨ ਆਗੂਆਂ ਨੇ ਆਪਣੇ ਵਿਚਾਰ ਰੱਖੇ। ਇਹ ਇੱਕ ਚੰਗੀ ਚਰਚਾ ਸੀ ਅਤੇ ਮੈਨੂੰ ਉਮੀਦ ਹੈ ਕਿ ਇਹ ਚਰਚਾ ਸਕਾਰਾਤਮਕ ਰਹੇਗੀ।

# ਪੰਜਾਬ ਪੁਲਿਸ ਨੇ ਗੈਂਗਸਟਰ ਗੋਲਡੀ ਢਿੱਲੋਂ ਵੱਲੋਂ ਚਲਾਏ ਜਾ ਰਹੇ ਮਿੱਥ ਕੇ ਹੱਤਿਆ ਕਰਨ ਵਾਲੇ ਗਿਰੋਹ ਦਾ ਕੀਤਾ ਪਰਦਾਫਾਸ਼ ; 5 ਪਿਸਤੌਲਾਂ ਅਤੇ ਨਸ਼ੀਲੀਆਂ ਗੋਲੀਆਂ.

ਚੰਡੀਗੜ੍ਹ/ਪਟਿਆਲਾ,(ਲੋਕ ਬਾਣੀ):ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਰਾਜ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਤਹਿਤ ਪਟਿਆਲਾ ਪੁਲਿਸ ਨੇ ਵਿਦੇਸ਼ੀ ਗੈਂਗਸਟਰ ਗੋਲਡੀ ਢਿੱਲੋਂ ਦੁਆਰਾ ਚਲਾਏ ਜਾ ਰਹੇ ਟਾਰਗੈਟ ਕਿਲਿੰਗ ਮਾਡਿਊਲ ਦੇ ਦੋ ਕਾਰਕੁਨਾਂ ਨੂੰ ਰਾਜਪੁਰਾ ਤੋਂ ਗ੍ਰਿਫ਼ਤਾਰ ਕਰਕੇ ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁੱਕਰਵਾਰ ਨੂੰ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮਲਕੀਤ ਸਿੰਘ ਉਰਫ਼ ਮੈਕਸ, ਜੋ ਕਿ ਅਜਨਾਲਾ, ਅੰਮ੍ਰਿਤਸਰ ਦੇ ਪਿੰਡ ਰੋਡਾਲਾ ਦਾ ਰਹਿਣ ਵਾਲਾ ਹੈ ਅਤੇ ਮੌਜੂਦਾ ਸਮੇਂ ਫਤਿਹਗੜ੍ਹ ਸਾਹਿਬ ਦੇ ਪਿੰਡ ਸੇਮਪਾਲੀ ਵਿੱਚ ਰਹਿੰਦਾ ਹੈ ਅਤੇ ਸੰਦੀਪ ਸਿੰਘ ਉਰਫ਼ ਦੀਪ, ਜੋ ਕਿ ਫਤਿਹਗੜ੍ਹ ਸਾਹਿਬ ਦੇ ਸਰਹਿੰਦ ਦਾ ਰਹਿਣ ਵਾਲਾ ਹੈ, ਵਜੋਂ ਹੋਈ ਹੈ।

ਪੁਲਿਸ ਟੀਮਾਂ ਨੇ ਫੜੇ ਗਏ ਮੁਲਜ਼ਮਾਂ ਦੇ ਕਬਜ਼ੇ ਚੋਂ ਪੰਜ ਪਿਸਤੌਲ ਜਿੰਨ੍ਹਾਂ ਵਿੱਚ ਤਿੰਨ .32 ਕੈਲੀਬਰ, ਇੱਕ .30 ਕੈਲੀਬਰ ਅਤੇ ਇੱਕ .315 ਕੈਲੀਬਰ ਦੇਸੀ ਕੱਟਾ ਸ਼ਾਮਲ ਹਨ ਸਮੇਤ 15 ਕਾਰਤੂਸ ਅਤੇ 1300 ਨਸ਼ੀਲੀਆਂ ਗੋਲੀਆਂ ਵੀ ਬਰਾਮਦ ਕੀਤੀਆਂ ਹਨ, ਇਸ ਤੋਂ ਇਲਾਵਾ ਉਨ੍ਹਾਂ ਦਾ ਕਾਲੇ ਰੰਗ ਦਾ ਹੌਂਡਾ ਐਕਟਿਵਾ ਸਕੂਟਰ (ਪੀਬੀ 23 ਏਏ 0795) ਵੀ ਜ਼ਬਤ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਜ਼ਬਰਨ ਵਸੂਲੀ ਨਾਲ ਸਬੰਧਤ ਦੋ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦੇ ਸਨ ਅਤੇ ਉਨ੍ਹਾਂ ਦੇ ਹੈਂਡਲਰ ਗੋਲਡੀ ਢਿੱਲੋਂ ਨੇ ਉਨ੍ਹਾਂ ਨੂੰ ਮੋਹਾਲੀ ਅਤੇ ਰਾਜਪੁਰਾ ਵਿੱਚ ਮਿੱਥ ਕੇ ਹੱਤਿਆ ਕਰਨ ਦਾ ਕੰਮ ਸੌਂਪਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਇਨ੍ਹਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ, ਅਸਲਾ ਐਕਟ, ਇਰਾਦਾ ਕਤਲ , ਜ਼ਬਰਨ ਵਸੂਲੀ, ਡਕੈਤੀ, ਲੁੱਟ-ਖੋਹ ਆਦਿ ਕਈ ਮਾਮਲੇ ਦਰਜ ਹਨ।



ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ -ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਆਸ ਹੈ।

ਆਪਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ.ਐਸ.ਪੀ.) ਪਟਿਆਲਾ ਨਾਨਕ ਸਿੰਘ ਨੇ ਕਿਹਾ ਕਿ ਸਪੈਸ਼ਲ ਸੈੱਲ ਰਾਜਪੁਰਾ ਦੀਆਂ ਪੁਲਿਸ ਟੀਮਾਂ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਗੈਂਗਸਟਰ ਗੋਲਡੀ ਢਿੱਲੋਂ ਦੇ ਦੋ ਕਾਰਕੁਨ ਸਰਹਿੰਦ-ਰਾਜਪੁਰਾ ਸੜਕ 'ਤੇ ਕਿਸੇ ਨੂੰ ਨਸ਼ੀਲੀਆਂ ਗੋਲੀਆਂ ਪਹੁੰਚਾਉਣ ਜਾ ਰਹੇ ਹਨ, ਜਿਸ ਤੋਂ ਬਾਅਦ, ਉਨ੍ਹਾਂ ਨੇ ਰਾਜਪੁਰਾ ਵਿੱਚ ਇੱਕ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਜਾਣਾ ਸੀ।

ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਸਪੈਸ਼ਲ ਸੈੱਲ ਰਾਜਪੁਰਾ ਨੇ ਇੰਸਪੈਕਟਰ ਹੈਰੀ ਬੋਪਾਰਾਏ ਦੀ ਅਗਵਾਈ ਵਿੱਚ ਖੁਫੀਆ ਜਾਣਕਾਰੀ 'ਤੇ ਅਧਾਰਤ ਕਾਰਵਾਈ ਸ਼ੁਰੂ ਕੀਤੀ ਅਤੇ ਦੋਵਾਂ ਮੁਲਜ਼ਮਾਂ ਨੂੰ ਹਥਿਆਰਾਂ ਅਤੇ ਨਸ਼ੀਲੇ ਪਦਾਰਥ ਾਂ ਸਮੇਤ ਗ੍ਰਿਫਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ।ਐਸ.ਐਸ.ਪੀ. ਨੇ ਦੱਸਿਆ ਕਿ ਦੋ ਪ੍ਰਮੁੱਖ ਵਿਅਕਤੀ, ਜਿਨ੍ਹਾਂ ਨੂੰ ਵਿਦੇਸ਼ੀ ਗੈਂਗਸਟਰਾਂ ਤੋਂ ਧਮਕੀ ਭਰੇ ਫੋਨ ਵੀ ਆਏ ਸਨ, ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਨਿਸ਼ਾਨੇ 'ਤੇ ਸਨ। ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।ਜ਼ਿਕਰਯੋਗ ਹੈ ਕਿ ਇਸ ਸਬੰਧੀ ਕੇਸ ਐਫਆਈਆਰ ਨੰ. 13 ਮਿਤੀ 19/2/2025 ਨੂੰ ਪਟਿਆਲਾ ਦੇ ਪੁਲਿਸ ਸਟੇਸ਼ਨ ਸਦਰ ਰਾਜਪੁਰਾ ਵਿਖੇ ਐਨਡੀਪੀਐਸ ਐਕਟ ਦੀ ਧਾਰਾ 22 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਦਰਜ ਕੀਤਾ ਗਿਆ ਹੈ।

# ਇੰਡੀਆਜ਼ ਗੌਟ ਲੇਟੈਂਟ ਵਿਵਾਦ ਮਾਮਲੇ ਵਿੱਚ ਰਾਖੀ ਸਾਵੰਤ ਨੂੰ ਸੰਮਨ ਜਾਰੀ




(ਲੋਕ ਬਾਣੀ) ਇੰਡੀਆਜ਼ ਗੌਟ ਲੇਟੈਂਟ ਕੇਸ ਵਿਚ ਮਹਾਰਾਸ਼ਟਰ ਸਾਈਬਰ ਸੈੱਲ ਨੇ ਰਾਖੀ ਸਾਵੰਤ ਨੂੰ ਸੰਮਨ ਭੇਜਿਆ ਹੈ। ਰਾਖੀ ਸਾਵੰਤ ਨੂੰ ਮਹਾਰਾਸ਼ਟਰ ਸਾਈਬਰ ਨੇ 27 ਫਰਵਰੀ ਨੂੰ ਆਪਣਾ ਬਿਆਨ ਦਰਜ ਕਰਨ ਲਈ ਬੁਲਾਇਆ ਹੈ। 24 ਫਰਵਰੀ ਨੂੰ ਆਸ਼ੀਸ਼ ਚੰਚਲਾਨੀ ਅਤੇ ਰਣਵੀਰ ਇਲਾਹਾਬਾਦੀਆ ਨੂੰ ਆਪਣੇ ਬਿਆਨ ਦਰਜ ਕਰਨ ਲਈ ਬੁਲਾਇਆ ਗਿਆ ਸੀ। ਸਮੈ ਰੈਨਾ ਨੇ 17 ਮਾਰਚ ਤੱਕ ਦਾ ਸਮਾਂ ਮੰਗਿਆ, ਜਿਸ ਨੂੰ ਮਹਾਰਾਸ਼ਟਰ ਸਾਈਬਰ ਨੇ ਦੇਣ ਤੋਂ ਇਨਕਾਰ ਕਰ ਦਿੱਤਾ। ਇਹ ਜਾਣਕਾਰੀ ਯਸ਼ਸਵੀ ਯਾਦਵ, ਆਈ.ਜੀ., ਮਹਾਰਾਸ਼ਟਰ ਸਾਈਬਰ ਵਲੋਂ ਸਾਂਝੀ ਕੀਤੀ ਗਈ।

# ਵਿਜੀਲੈਂਸ ਬਿਊਰੋ ਨੇ 5000 ਰੁਪਏ ਰਿਸ਼ਵਤ ਲੈਂਦਿਆਂ PSPCL ਦੇ ਜੇ.ਈ. ਨੂੰ ਰੰਗੇ ਹੱਥੀਂ ਕੀਤਾ ਕਾਬੂ

ਚੰਡੀਗੜ੍ਹ, (ਲੋਕ ਬਾਣੀ) ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਜੂਨੀਅਰ ਇੰਜੀਨੀਅਰ (ਜੇ.ਈ.) ਮਨੋਜ ਕੁਮਾਰ ਨੂੰ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕੇਸ ਸ਼ਿਕਾਇਤਕਰਤਾ ਨਿਊ ਅਮਰ ਨਗਰ, ਡਾਬਾ, ਲੁਧਿਆਣਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ਤੇ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ, ਜੋ ਕਿ ਇੱਕ ਵੈਲਡਿੰਗ ਦੀ ਦੁਕਾਨ ਚਲਾਉਂਦਾ ਹੈ, ਨੇ ਦੱਸਿਆ ਕਿ ਉਸਦੀ ਪਤਨੀ ਨੇ ਨਿਊ ਅਮਰ ਨਗਰ ਵਿਖੇ ਇੱਕ ਦੋ ਮੰਜ਼ਿਲਾ ਘਰ ਖਰੀਦਿਆ ਸੀ ਅਤੇ ਉਹ ਇਸ ਘਰ ਦੀ ਪਹਿਲੀ ਮੰਜ਼ਿਲ ਤੇ ਇੱਕ ਛੋਟੀ ਫੈਕਟਰੀ ਲਗਾਉਣਾ ਚਾਹੁੰਦਾ ਸੀ, ਜਿਸ ਲਈ 10 ਕਿਲੋਵਾਟ ਦੇ ਵਪਾਰਕ ਬਿਜਲੀ ਮੀਟਰ ਦੀ ਜ਼ਰੂਰਤ ਸੀ।

ਸ਼ਿਕਾਇਤ ਮੁਤਾਬਕ, ਉਸਨੇ ਲੁਧਿਆਣਾ ਦੇ ਜਨਤਾ ਨਗਰ ਸਥਿਤ ਪੀ.ਐਸ.ਪੀ.ਸੀ.ਐਲ. ਦਫ਼ਤਰ ਵਿਖੇ ਨਵੇਂ ਮੀਟਰ ਲਈ ਅਰਜ਼ੀ ਦਿੱਤੀ ਅਤੇ ਲੋੜੀਂਦੀ ਫੀਸ ਜਮ੍ਹਾ ਕਰਵਾਈ। ਪੰਦਰਾਂ ਦਿਨਾਂ ਉਪਰੰਤ, ਉਕਤ ਜੇ.ਈ. ਮਨੋਜ ਕੁਮਾਰ ਨੇ ਜਗ੍ਹਾ ਦਾ ਦੌਰਾ ਕੀਤਾ ਅਤੇ ਫੁੱਟਕਲ ਖਰਚਿਆਂ ਲਈ ਉਸ ਤੋਂ 3,000 ਰੁਪਏ ਲਏ। ਇਸ ਤੋਂ ਬਾਅਦ ਜੇ.ਈ. ਨੇ 15,000 ਰੁਪਏ ਰਿਸ਼ਵਤ ਦੀ ਮੰਗ ਕਰਦਿਆਂ ਕਿਹਾ ਕਿ ਮੀਟਰ ਸਿਰਫ਼ ਰਿਸ਼ਵਤ ਦੇਣ ਤੋਂ ਬਾਅਦ ਹੀ ਲਗਾਇਆ ਜਾਵੇਗਾ।



ਬੁਲਾਰੇ ਨੇ ਦੱਸਿਆ ਕਿ ਜਦੋਂ ਸ਼ਿਕਾਇਤਕਰਤਾ 19 ਫਰਵਰੀ, 2025 ਨੂੰ ਮੀਟਰ ਲਗਾਉਣ ਦੇ ਸਬੰਧ ਵਿੱਚ ਦੁਬਾਰਾ ਪੀ.ਐਸ.ਪੀ.ਸੀ.ਐਲ. ਦਫ਼ਤਰ ਗਿਆ ਤਾਂ ਜੇ.ਈ. ਨੇ ਫਿਰ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਦੀ ਬੇਨਤੀ ਤੇ, ਉਕਤ ਜੇ.ਈ. 5,000 ਰੁਪਏ ਦੀ ਪੇਸ਼ਗੀ ਲੈਣ ਅਤੇ ਬਾਕੀ ਰਕਮ ਦੀ ਅਦਾਇਗੀ ਮੀਟਰ ਲਗਾਉਣ ਤੋਂ ਬਾਅਦ ਕਰਨ ਲਈ ਸਹਿਮਤ ਹੋ ਗਿਆ। ਫਿਰ ਜੇ.ਈ. ਨੇ ਸ਼ਿਕਾਇਤਕਰਤਾ ਨੂੰ ਰਿਸ਼ਵਤ ਦੇ ਭੁਗਤਾਨ ਲਈ ਦਫ਼ਤਰ ਬੁਲਾਇਆ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਉਪਰੰਤ ਲੁਧਿਆਣਾ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਪੀ.ਐਸ.ਪੀ.ਸੀ.ਐਲ. ਦਫ਼ਤਰ, ਜਨਤਾ ਨਗਰ, ਲੁਧਿਆਣਾ ਵਿਖੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ 5000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਅ

ਇਸ ਸਬੰਧੀ ਜੇ.ਈ. ਮਨੋਜ ਕੁਮਾਰ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਸਟੇਸ਼ਨ, ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਪਟਿਆਲਾ ਪੁਲਿਸ ਨੇ ਸਪਾ ਸੈਂਟਰ ਚ ਚਲ ਰਹੇ ਦੇਹ ਵਪਾਰ ਧੰਦੇ ਦਾ ਕੀਤਾ ਪਰਦਾਫਾਸ਼, ਸੰਚਾਲਕ ਗ੍ਰਿਫ਼ਤਾਰ



ਪਟਿਆਲਾ-(ਲੋਕ ਬਾਣੀ) ਪਟਿਆਲਾ ਪੁਲਿਸ ਨੇ ਸਪਾ ਸੈਂਟਰ 'ਚ ਚੱਲ ਰਹੇ ਦੇਹ ਵਪਾਰ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਸਪਾ ਸੰਚਾਲਕ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪਟਿਆਲਾ ਪੁਲਿਸ ਵਲੋ ਦਰਜ 69♣ ਮੁਤਾਬਕ ਐਸ ਐਚ ਓ ਹਰਜਿੰਦਰ ਢਿੱਲੋਂ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਤਲਾਸ਼ ਸ਼ੱਕੀ ਤੇ ਭੇੜੈ ਪੁਰਸ਼ਾ ਦੇ ਸਬੰਧ ਵਿੱਚ ਨੇੜੇ ਪਾਰਕ ਹਸਪਤਾਲ ਨਵਾ ਬੱਸ ਸਟੈਂਡ ਪਟਿਆਲਾ ਕੋਲ ਮੌਜੂਦ ਸਨ। ਪੁਲਿਸ ਨੂੰ ਇਤਲਾਹ ਮਿਲੀ ਕਿ ਦੋਸ਼ੀ ਕਰਮਜੀਤ ਸਿੰਘ, ਜੋ ਕਿ ਪਿੰਡ ਥੇਹੜੀ ਵਿਖੇ 1♣™ ਦੇ ਨਾਮ ਪਰ ਸਪਾ ਸੈਂਟਰ ਚਲਾਉਂਦਾ ਹੈ ਅਤੇ ਥਾਈਲੈਂਡ ਤੋ ਲੜਕੀਆ (ਦਾਰੀਕਾ, ਜੂਲੀ, ਸਵੀਤੀ, ਜੀਨਾ, ਸੈਮੀ, ਗਿਪਸੀ, ਸੁਦਾ, ਸੋਫੀਆ, ਪੀਆ) ਮੰਗਵਾ ਕੇ ਜਿਸਮ ਫਰੋਸ਼ੀ ਦਾ ਧੰਦਾ ਕਰਾਉਦਾ ਹੈ ਅਤੇ ਇੱਕ ਹੋਰ ਦੋਸ਼ੀ ਜਤਿੰਦਰ ਸਿੰਘ ਵੀ ਪੰਜਾਬੀ ਯੂਨੀਵਰਸਿਟੀ ਪਟਿ. ਦੇ ਸਾਹਮਣੇ ਸਨਸ਼ਾਈਨ ਦੇ ਨਾਮ ਤੇ ਬਾਕੀ ਦੋਸ਼ਣਾ ਨਾਲ ਰਲ ਕੇ ਸਪਾ ਸੈਂਟਰ ਚਲਾਉਂਦਾ ਹੈ ਅਤੇ ਸੈਂਟਰ ਅੰਦਰ ਜਿਸਮ ਫਰੋਸੀ ਦਾ ਧੰਦਾ ਕਰਾਉਂਦਾ ਹੈ। ਪੁਲਿਸ ਰੇਡ ਕਰਨ ਤੇ ਦੋਸ਼ੀਆਨ ਨੂੰ ਕਾਬੂ ਕੀਤਾ। ਪਟਿਆਲਾ ਪੁਲਿਸ ਨੇ ਕੁੱਲ 24 ਵਿਅਕਤੀਆਂ ਤੇ ਧਾਰਾ ਫਿਰ U/S C,D,E,G Immoral Traffic Prevention Act ਲੱਗਾ ਅਗਲੀ ਕਰਵਾਈ ਸ਼ੁਰੂ ਕੀਤੀ ਹੈ। ਫਿਲਹਾਲ ਸਪਾ ਸੈਂਟਰਾਂ ਦੇ ਦੋਨੋਂ ਮਾਲਕ ਪੁਲਸ ਦੀ ਗ੍ਰਿਫਤਾਰ ਤੋਂ ਫਰਾਰ ਚੱਲ ਰਹੇ ਹਨ ।ਐਸਐਚਓ ਹਰਜਿੰਦਰ ਢਿੱਲੋ ਵੱਲੋਂ ਸ਼ੋਰ ਕਰਨਾ ਸੀ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਗਈ ਹੈ ਕਿ ਐਵੇਂ ਦਾ ਅਗਰ ਕੋਈ ਹੋਰ ਪਾਸ ਐਂਟਰ ਬਾਰੇ ਤੁਹਾਨੂੰ ਪਤਾ ਲੱਗਦਾ ਹੈ ਤਾਂ ਪੁਲਿਸ ਨੂੰ ਇਤਲਾਹ ਕੀਤਾ ਜਾਵੇ ਤਾਂ ਕਿ ਉਹਨਾਂ ਤੇ ਵੀ ਬਣਦੀ ਕਾਰਵਾਈ ਕੀਤੀ ਜਾਵੇ।

# ਸਮੱਗਰ ਸਿੱਖਿਆ ਅਭਿਆਨ ਤਹਿਤ ਆਯੋਜਿਤ ਬਲਾਕ ਪੱਧਰੀ ਆਂਗਣਵਾੜੀ ਵਰਕਰਾਂ ਦੀ ਤਿੰਨ ਰੋਜਾ ਟ੍ਰੇਨਿੰਗ ਦਾ ਸਫ਼ਲਤਾ ਪੂਰਵਕ ਸਮਾਪੰਨ



ਮਾਲੇਰਕੋਟਲਾ 23 ਫਰਵਰੀ:(ਕਿੰਮੀ ਅਰੋੜਾ,ਅਸਲਮ ਨਾਜ਼) ਸਮੱਗਰ ਸਿੱਖਿਆ ਅਭਿਆਨ ਵੱਲੋਂ ਚਲਾਏ ਜਾ ਰਹੇ ਆਈ. ਈ. ਡੀ./ ਆਈ. ਈ. ਡੀ. ਐਸ. ਐਸ ਕੰਪੋਨੈਂਟ ਤਹਿਤ ਆਯੋਜਿਤ ਬਲਾਕ ਪੱਧਰੀ ਆਂਗਣਵਾੜੀ ਵਰਕਰਾਂ ਦੀ ਤਿੰਨ ਰੋਜ਼ਾ ਟ੍ਰੇਨਿੰਗ ਸਫ਼ਲਤਾ ਪੂਰਵਕ ਸਮਾਪਤ ਹੋਈ। ਇਸ ਟ੍ਰੇਨਿੰਗ ਦੌਰਾਨ ਆਂਗਣਵਾੜੀ ਵਰਕਰਾਂ ਨੂੰ ਬਾਲ ਵਿਕਾਸ, ਪੋਸ਼ਣ, ਸਿਹਤ, ਅਤੇ ਸਿੱਖਿਆ ਨਾਲ ਸੰਬੰਧਿਤ ਵਿਭਿੰਨ ਮਹੱਤਵਪੂਰਨ ਵਿਸ਼ਿਆਂ ਤੇ ਜ਼ਰੂਰੀ ਜਾਣਕਾਰੀ ਪ੍ਰਦਾਨ ਕੀਤੀ ਗਈ। ਟ੍ਰੇਨਿੰਗ ਦੇ ਆਖਰੀ ਦਿਨ, ਆਂਗਣਵਾੜੀ ਵਰਕਰਾਂ ਦੀ ਭੂਮਿਕਾ ਦੀ ਪ੍ਰਸ਼ੰਸਾ ਕਰਦੇ ਹੋਏ ਡੀ. ਐਸ. ਈ. ਮੁਹੰਮਦ ਰਿਜ਼ਵਾਨ ਅਤੇ ਡੀ. ਐਸ. ਈ. ਟੀ. ਜਸਵੀਰ ਕੌਰ ਨੇ ਕਿਹਾ ਕਿ ਉਨ੍ਹਾਂ ਦੀ ਮੇਹਨਤ ਅਤੇ ਸੰਕਲਪ ਲੋੜਵੰਦ ਬੱਚਿਆਂ ਦੇ ਭਵਿੱਖ ਨੂੰ ਸੁਧਾਰਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀ ਹੈ । ਉਨ੍ਹਾਂ ਦਿਵਿਆਂਗ ਬੱਚਿਆਂ ਨੂੰ ਸਰਕਾਰ ਵੱਲੋਂ ਮਿਲਣ ਵਾਲੀਆਂ ਸਹੂਲਤਾਂ ,ਯੂ. ਡੀ. ਆਈ. ਡੀ. ਕਾਰਡ ਬਣਾਉਣ ਆਦਿ ਸਬੰਧੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਜਿਹੜੇ ਬੱਚੇ ਕਿਸੇ ਮਜਬੂਰੀ ਕਾਰਨ ਜਾਂ ਅਪੰਗਤਾ ਕਾਰਨ ਸਕੂਲਾਂ ਵਿਚ ਦਾਖਲ ਨਹੀਂ ਹੋ ਸਕੇ ਜਾਂ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਇਲਾਜ ਨਹੀਂ ਕਰਵਾ ਸਕੇ । ਉਹਨਾਂ ਨੂੰ ਸਰਕਾਰੀ ਸਕੂਲਾਂ ਵਿਚ ਦਾਖ਼ਲ ਕਰਵਾਉਣ ਲਈ ਅਤੇ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਇਲਾਜ ਕਰਵਾਉਣ ਲਈ ਵਿਭਾਗ ਪੂਰੀ ਤਰ੍ਹਾਂ ਵਚਨਬੱਧ ਹੈ।

ਇਸ ਮੌਕੇ ਤੇ ਵਰਕਰਾਂ ਨੇ ਵੀ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਕਿਹਾ ਕਿ ਇਹ ਟ੍ਰੇਨਿੰਗ ਉਨ੍ਹਾਂ ਲਈ ਬਹੁਤ ਹੀ ਲਾਭਦਾਇਕ ਸਾਬਿਤ ਹੋਈ ਹੈ। ਉਨ੍ਹਾਂ ਨੇ ਪ੍ਰਾਪਤ ਕੀਤੇ ਗਿਆਨ ਨੂੰ ਆਪਣੀ ਦੈਨਿਕ ਕਾਰਜਵਾਹੀ ਵਿੱਚ ਲਾਗੂ ਕਰਨ ਦਾ ਵੀ ਆਸ਼ਵਾਸਨ ਦਿੱਤਾ। ਇਸ ਮੌਕੇ ਬਾਲ ਸੁਰੱਖਿਆ ਅਫ਼ਸਰ ਮੁਬੀਨ ਕੁਰੈਸ਼ੀ ਨੇ ਬੱਚਿਆ ਦੇ ਮੌਲਿਕ ਅਧਿਕਾਰਾਂ ,ਪੋਕਸੋ ਐਕਟ,ਬਾਲ ਮਜਦੂਰੀ ਅਤੇ ਸਰਕਾਰ ਵਲੋਂ ਬੱਚਿਆ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਤੋਂ ਆਂਗਨਵਾੜੀ ਵਰਕਰਾਂ ਨੂੰ ਅਵਗਤ ਕਰਵਾਇਆ।

# ਸਰਕਾਰੀ ਸਕੂਲਾਂ ਦੀਆਂ 20000 ਵਰਦੀਆਂ ਤਿਆਰ ਕਰਨਗੀਆਂ ਜ਼ਿਲ੍ਹੇ ਦੇ ਸਵੈ ਸਹਾਇਤਾ ਗਰੁੱਪਾਂ ਦੀਆਂ ਔਰਤਾਂ



ਮਾਲੇਰਕੋਟਲਾ 23 ਫਰਵਰੀ :(ਕਿੰਮੀ ਅਰੋੜਾ,ਅਸਲਮ ਨਾਜ਼) ਪਹਿਲੇ ਸਾਲ ਦੀ ਅਪਾਰ ਸਫ਼ਲਤਾ ਤੋਂ ਬਾਅਦ ਜ਼ਿਲ੍ਹੇ ਵਿੱਚ 'ਪਹਿਲ 'ਪ੍ਰੋਜੈਕਟ ਦੇ ਦੂਜੇ ਪੜਾਅ ਦੀ ਸ਼ੁਰੂਆਤ ਹੋ ਗਈ ਹੈ। ਇਸ ਪ੍ਰੋਜੈਕਟ ਤਹਿਤ 20,000 ਸਕੂਲਾਂ ਦੇ ਵਿਦਿਆਰਥੀਆਂ ਦੀਆਂ ਵਰਦੀਆਂ ਨੂੰ ਤਿਆਰ ਕਰਨ ਦਾ ਕੰਮ ਸਵੈ ਸਹਾਇਤਾ ਗਰੁੱਪਾਂ ਨੂੰ ਸੌਂਪਿਆ ਗਿਆ ਹੈ । ਇਸ ਗੱਲ ਦੀ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਨਵਦੀਪ ਕੌਰ ਨੇ ਬਲਾਕ ਮਲੇਰਕੋਟਲਾ ਦੇ ਪਿੰਡ ਸੰਦੋੜ ਵਿਖੇ ਪੰਜਾਬ ਰਾਜ ਦਿਹਾਤੀ ਆਜਿਵਕਾ ਮਿਸ਼ਨ ਤਹਿਤ ਸਵੈ ਸਹਾਇਤਾ ਸਮੂਹ ਵੱਲੋਂ ਤਿਆਰ ਕੀਤੀਆਂ ਜਾ ਰਹੀਆਂ ਸਕੂਲਾਂ ਦੇ ਵਿਦਿਆਰਥੀਆਂ ਦੀਆਂ ਵਰਦੀਆਂ ਦਾ ਜਾਇਜਾ ਲੈਣ ਮੌਕੇ ਕੀਤਾ । ਉਹਨਾਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਦੇ ਹੁਕਮਾਂ ਮੁਤਾਬਕ ਜਿਲ੍ਹੇ ਵਿੱਚ 'ਪਹਿਲ 'ਪ੍ਰੋਜੈਕਟ 2024 ਵਿੱਚ ਲਾਗੂ ਕੀਤਾ ਗਿਆ ਸੀ।ਜਿਸ ਦੇ ਅੰਤਰਗਤ ਬਲਾਕ ਅਮ੍ਰਿਤ ਸੀ.ਐਲ.ਐਫ. ਅਮਰਗੜ ਪਿੰਡ ਬਾਗੜੀਆਂ ਵਿਖੇ 'ਪਹਿਲ 'ਪ੍ਰੋਜੈਕਟ ਸੈਂਟਰ ਸਥਾਪਿਤ ਕੀਤਾ ਗਿਆ । ਉਨ੍ਹਾਂ ਦੱਸਿਆ ਕਿ ਪ੍ਰਾਇਮਰੀ ਅਤੇ ਪ੍ਰੀ ਪ੍ਰਾਇਮਰੀ ਸਕੂਲਾਂ ਦੀਆਂ ਲਗਭਗ 10,000 ਵਰਦੀਆਂ ਦਾ ਆਰਡਰ 'ਪਹਿਲ' ਪ੍ਰੋਜੈਕਟ ਤਹਿਤ ਤਿਆਰ ਕਰਨ ਲਈ ਮਿਲਿਆ ਸੀ ਜੋ ਕਿ ਸੰਗਰੂਰ ਵਲੋਂ ਤਿਆਰ ਕਰਵਾ ਕੇ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ ਵਿੱਚ ਭੇਜੀਆਂ ਗਈਆਂ ਸਨ । ਵਧੀਕ ਡਿਪਟੀ ਕਮਿਸ਼ਨਰ ਵੱਲੋਂ ਦੱਸਿਆ ਗਿਆ ਕਿ ਇਸ ਵਾਰ ਪੰਜਾਬ ਸਰਕਾਰ ਵੱਲੋਂ ਜਿਲ੍ਹੇ ਨੂੰ 20,000 ਸਕੂਲੀ ਵਰਦੀਆਂ ਦਾ ਟੀਚਾ ਦਿੱਤਾ ਗਿਆ ਹੈ। ਜਿਸ ਸਬੰਧੀ 240 ਸਕੂਲਾਂ ਤੋਂ ਆਰਡਰ ਸਿੱਖਿਆ ਵਿਭਾਗ ਪਾਸੋਂ ਪ੍ਰਾਪਤ ਹੋਇਆ ਹੈ। ਜਿਸ ਨਾਲ ਸੈਲਫ ਹੈਲਪ ਗਰੁੱਪਾਂ ਦੀਆਂ ਲਗਭਗ 150 ਔਰਤਾਂ ਨੂੰ ਰੁਜਗਾਰ ਮਿਲੇਗਾ ਅਤੇ ਪ੍ਰਤੀ ਵਰਦੀ 60 ਰੁਪਏ ਸਿਲਾਈ ਦਿੱਤੀ ਜਾਵੇਗੀ। ਇਸ ਆਰਡਰ ਅਧੀਨ ਬਲਾਕ ਮਾਲੇਰਕੋਟਲਾ ਦੇ ਪਿੰਡ ਸੰਦੋੜ ਵਿਖੇ ਬਣੇ ਸੈਲਫ ਗਰੁੱਪਾਂ ਵਿੱਚੋਂ ਲਗਭਗ

# ਮਹਾਸ਼ਿਵਰਾਤਰੀ ਸੰਬੰਧੀ ਸਮਾਗਮ ਮਿਤੀ 26 ਫਰਵਰੀ ਨੂੰ




ਫਗਵਾੜਾ ( ਸੁਸ਼ੀਲ ਸ਼ਰਮਾ )ਸ਼੍ਰੀ ਸਨਾਤਨ ਧਰਮ ਮੰਦਰ ਕਮੇਟੀ ਅਤੇ ਸ਼੍ਰੀ ਸਰਸਵਤੀ ਸੰਕੀਰਤਨ ਮੰਡਲੀ ਸ਼ਿਵ ਮੰਦਰ, ਗਲੀ ਨੰਬਰ 3, ਭਗਤਪੁਰਾ, ਫਗਵਾੜਾ ਵਲੋਂ ਮਹਾਂਸ਼ਿਵਰਾਤਰੀ ਦਾ ਮਹਾਨ ਤਿਉਹਾਰ ਮਿਤੀ 26 ਫਰਵਰੀ ਦਿਨ ਬੁੱਧਵਾਰ ਨੂੰ ਬਹੁਤ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਦਰ ਕਮੇਟੀ ਦੇ ਪ੍ਰਧਾਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਮਿਤੀ 25 ਫਰਵਰੀ ਨੂੰ ਮੰਦਰ ਤੋਂ ਸ਼ਿਵ ਭੋਲੇ ਨਾਥ ਦੀ ਜਾਗੋ ਸਵੇਰੇ ਠੀਕ 12.00 ਵਜੇ ਕੱਢੀ ਜਾਵੇਗੀ ਅਤੇ ਮਿਤੀ 26 ਫਰਵਰੀ ਦਿਨ ਬੁੱਧਵਾਰ ਨੂੰ ਭਜਨ ਸੰਧਿਆ ਦੌਰਾਨ ਭਜਨ ਗਾਇਕ ਸ਼੍ਰੀ ਡਿੰਪਲ ਭੋਲੇ ਨਾਥ ਦੀ ਮਹਿਮਾ ਦਾ ਗੁਣਗਾਨ ਸ਼ਾਮ 6:00 ਵਜੇ ਕਰਨਗੇ ਅਤੇ ਪ੍ਰੀਤੀ ਭੌਜ ਸ਼ਾਮ 07:30 ਵਜੇ ਸ਼ੁਰੂ ਕੀਤਾ ਜਾਵੇਗਾ

# ਏਕਨੂਰ ਸੇਵਾ ਟਰਸਟ ਵੱਲੋਂ ਸ਼ਿਵਰਾਤਰੀ ਦੇ ਸੰਬੰਧ ਵਿੱਚ ਕਰਵਾਏ ਜਾਣਗੇ ਚਾਰ ਦਿਨਾਂ ਪ੍ਰੋਗਰਾਮ-ਅਰਵਿੰਦਰ ਵੜੈਚ



ਫਗਵਾੜਾ- ( ਸੁਸ਼ੀਲ ਸ਼ਰਮਾ) ਰਾਸ਼ਟਰੀ ਨੌਜਵਾਨ ਸੋਸ਼ਲ ਐਂਡ ਸਪੋਰਟਸ ਸੁਸਾਇਟੀ ਦੇ ਧਾਰਮਿਕ ਯੂਨਿਟ ਏਕਨੂਰ ਸੇਵਾ ਟਰੱਸਟ ਵੱਲੋਂ ਹਰ ਸਾਲ ਦੀ ਤਰ੍ਹਾਂ ਸ਼ਿਵਰਾਤਰੀ ਦੇ ਸਬੰਧ ਦੇ ਵਿੱਚ ਲਗਾਤਾਰ ਚਾਰ ਦਿਨਾਂ ਪ੍ਰੋਗਰਾਮ ਕਰਵਾਏ ਜਾਣਗੇ। ਜਿੰਨਾ ਦੀਆਂ ਤਿਆਰੀਆਂ ਨੂੰ ਲੈ ਕੇ ਸੰਸਥਾ ਦੇ ਪ੍ਰਧਾਨ ਅਰਵਿੰਦਰ ਵੜੈਚ ਦੀ ਦੇਖ-ਰੇਖ ਵਿੱਚ ਇੰਦਰਾ ਕਲੋਨੀ ਮਜੀਠਾ ਰੋਡ ਵਿਖੇ ਬੈਠਕ ਆਯੋਜਿਤ ਕੀਤੀ ਗਈ। ਬੈਠਕ ਦੇ ਦੌਰਾਨ ਅਰਵਿੰਦਰ ਵੜੈਚ ਨੇ ਕਿਹਾ ਕਿ ਹਰ ਪ੍ਰਕਾਰ ਦੀਆਂ ਸਮਾਜਿਕ ਸੇਵਾਵਾਂ ਦੇ ਨਾਲ ਨਾਲ ਟਰੱਸਟ ਵੱਲੋਂ ਨੌਜਵਾਨਾਂ ਬੱਚਿਆਂ ਅਤੇ ਮਹਿਲਾਵਾਂ ਦਾ ਧਿਆਨ ਸਮਾਜਿਕ ਬੁਰਾਈਆਂ ਤੋਂ ਹਟਾ ਕੇ ਧਾਰਮਿਕ ਕੰਮਾਂ ਵੱਲ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਂਦੇ ਹਨ। ਜਿੱਥੇ ਹਰ ਮਹੀਨੇ ਸੰਗਤਾਂ ਨੂੰ ਮੰਦਿਰ ਮਾਤਾ ਚਿੰਤਪੁਰਨੀ ਤੋਂ ਇਲਾਵਾ ਵੱਖ-ਵੱਖ ਗੁਰੁਦੁਆਰਿਆਂ,ਮੰਦਰਾਂ ਅਤੇ ਹੋਰ ਧਾਰਮਿਕ ਸੰਸਥਾਵਾਂ ਦੇ ਮਾਸਿਕ ਬੱਸ ਯਾਤਰਾ ਦੇ ਤਹਿਤ ਦਰਸ਼ਨ ਕਰਵਾਏ ਜਾਂਦੇ ਹਨ। ਉਸਦੇ ਨਾਲ ਨਾਲ ਹਰ ਸਾਲ ਸ਼ਿਵਰਾਤਰੀ ਦੇ ਪ੍ਰੋਗਰਾਮ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਦੇ ਨਾਲ ਪੂਰੀ ਸ਼ਰਧਾ,ਉਤਸ਼ਾਹ ਅਤੇ ਧੂਮਧਾਮ ਨਾਲ ਕਰਵਾਏ ਜਾਂਦੇ ਹਨ।

ਉਹਨਾਂ ਦੱਸਿਆ ਕਿ ਸੰਸਥਾ ਵੱਲੋਂ 26 ਫਰਵਰੀ ਦਿਨ ਬੁੱਧਵਾਰ ਨੂੰ ਸਰਬੱਤ ਦੇ ਭਲੇ ਦੀ ਕਾਮਨਾ ਕਰਦੇ ਹੋਏ ਸਵੇਰੇ 11:30 ਵਜੇ ਹਵਨ ਯਗ ਕਰਵਾਇਆ ਜਾਵੇਗਾ। 28 ਫਰਵਰੀ,ਦਿਨ ਸ਼ੁਕਰਵਾਰ ਨੂੰ ਸ਼ਾਮ 7 ਵਜੇ ਸ਼ਿਵ ਭੋਲੇਨਾਥ ਦੀ ਬੰਦਗੀ ਕਰਦੇ ਹੋਏ ਮਹਿਲਾਵਾਂ ਵੱਲੋਂ ਲੇਡੀਜ ਸੰਗੀਤ ਕੀਤਾ ਜਾਵੇਗਾ। 01 ਮਾਰਚ,ਦਿਨ ਸ਼ਨੀਵਾਰ ਨੂੰ ਸ਼ਿਵ ਭੋਲੇਨਾਥ ਦੀਆਂ ਸੁੰਦਰ ਝਾਕੀਆਂ ਦੇ ਨਾਲ ਸ਼ਾਮ 6 ਵਜੇ ਸ਼ਿਵ ਮਹਿਮਾ ਦਾ ਗੁਣਗਾਨ ਕਰਦੇ ਹੋਏ ਢੋਲ ਢਮੱਕਿਆਂ ਦੇ ਨਾਲ ਜਾਗੋ ਦਾ ਆਯੋਜਨ ਕੀਤਾ ਜਾਵੇਗਾ। ਰਸਤੇ ਦੇ ਵਿੱਚ 20 ਜਗਾ ਤੇ ਸ਼ਿਵ ਭੋਲੇਨਾਥ ਦੇ ਭਗਤਾਂ ਵੱਲੋਂ ਜਾਗੋ ਦਾ ਸਵਾਗਤ ਕੀਤਾ ਜਾਵੇਗਾ। 02 ਮਾਰਚ,ਦਿਨ ਐਤਵਾਰ ਨੂੰ ਸਵੇਰ ਤੋਂ ਲੈ ਕੇ ਦੁਪਹਿਰ ਤੱਕ ਅਟੁੱਟ ਲੰਗਰ ਭੰਡਾਰਾ ਲਗਾਇਆ ਜਾਵੇਗਾ ਅਤੇ ਸ਼ਾਮ ਨੂੰ ਪ੍ਰਸਿੱਧ ਧਾਰਮਿਕ ਗਾਇਕ ਸ਼ੈਲੀ ਸਿੰਘ,ਸੰਨੀ ਸਿੰਘ,ਕੇ.ਐਸ ਕੰਮਾਂ ਵੱਲੋਂ ਅੱਜ ਦੀ ਸ਼ਾਮ ਬੋਲੇ ਕੇ ਨਾਮ ਦਾ ਧਾਰਮਿਕ ਪ੍ਰੋਗਰਾਮ ਕਰਾਇਆ ਜਾਵੇਗਾ। ਸੁਨੀਲ ਭਗਤ ਗਰੁੱਪ ਦੇ ਕਲਾਕਾਰਾਂ ਵੱਲੋਂ ਭਗਤਾਂ ਨੂੰ ਪ੍ਰਭੂ ਚਰਨਾਂ ਨਾਲ ਜੋੜਦੇ ਹੋਏ ਆਈਟਮਾਂ ਦਾ ਪ੍ਰੋਗਰਾਮ ਕੀਤਾ ਜਾਵੇਗਾ। ਇਸ ਮੌਕੇ ਤੇ ਪ੍ਰਸਿੱਧ ਰਾਜਨੀਤਿਕ ,ਧਾਰਮਿਕ,ਸਮਾਜਿਕ ਅਤੇ ਮੈਡੀਕਲ ਸਮਾਜ ਦੇ ਨਾਲ ਜੁੜੀਆਂ ਹੋਈਆਂ ਸ਼ਖਸ਼ੀਅਤਾਂ ਉਚੇਚੇ ਤੌਰ ਤੇ ਹਾਜਰੀਆਂ ਭਰਨਗੀਆਂ। ਬੈਠਕ ਦੇ ਦੌਰਾਨ ਲਵਲੀਨ ਵੜੈਚ,ਜਤਿੰਦਰ ਅਰੋੜਾ,ਸਿਧਾਂਰਥ ਅਰੋੜਾ,ਆਸ਼ਾਰਾਣੀ,ਰਾਜੇਸ਼ ਸਿੰਘ ਜੋੜਾ,ਰਜਿੰਦਰ ਸਿੰਘ ਰਾਵਤ,ਰਜਿੰਦਰ ਸਿੰਘ ਧਾਨਿਕ,ਰਾਮ ਕੁਮਾਰ,ਸੰਦੀਪ ਸ਼ਰਮਾ,ਰੰਜਨ ਸ਼ਰਮਾ,ਸ਼ਿਵਮ ਅਗਰਵਾਲ,ਰਮੇਸ਼ ਚੋਪੜਾ, ਪਵਿੱਤਰਜੋਤ ਵੜੈਚ,ਰਜਿੰਦਰ ਸ਼ਰਮਾ ਲਾਟੀ,ਅਮਿਤਾ ਸ਼ਰਮਾ, ਸੀਮਾ ਸ਼ਰਮਾ,ਸਿਰੋਜ ਬਾਲਾ,ਇੰਦਰਾ ਰਾਣੀ,ਜਾਨਵੀ ਸ਼ਰਮਾ, ਸ਼ੈਲੀ ਸ਼ਰਮਾ,ਕਮਲ ਸ਼ਰਮਾ,ਜਗਦੀਸ਼ ਰਾਜ,ਸੁਸ਼ੀਲ ਸ਼ਰਮਾ,ਵਿਨੇ ਅਰੋੜਾ ਸਮੇਤ ਕਈ ਹੋਰ ਸੰਸਥਾ ਦੇ ਮੈਂਬਰ ਅਤੇ ਇਲਾਕਾ ਨਿਵਾਸੀ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਸਿਆਸੀ ਦਬਾਅ ਹੇਠ ਜਥੇਦਾਰਾਂ ਦਾ ਅਪਮਾਨ ਕਰ ਰਹੀ ਹੈ-ਹਰਜੀਤ ਸਿੰਘ ਗਰੇਵਾਲ

ਫ਼ਗਵਾੜਾ-ਚੰਡੀਗੜ੍ਹ 23 ਫਰਵਰੀ (ਸੁਸ਼ੀਲ ਸ਼ਰਮਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਵੱਲੋਂ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦੀ ਨਿਯੁਕਤੀ ਅਤੇ ਹਟਾਉਣ ਦਾ ਅਧਿਕਾਰ ਉਸ ਕੋਲ ਹੈ,ਦੇ ਬਿਆਨ 'ਤੇ ਪ੍ਰਤੀਕਰਮ ਦਿੰਦਿਆਂ ਭਾਜਪਾ ਦੇ ਕੌਮੀ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਇਸ ਨੂੰ ਬੜਾ ਅਫ਼ਸੋਸਨਾਕ ਅਤੇ ਮਾਣ-ਸਨਮਾਨ ਖ਼ਿਲਾਫ਼ ਕਰਾਰ ਦਿੱਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਜਿਸ ਤਰ੍ਹਾਂ ਕਮੇਟੀ ਨੇ ਕਿਹਾ ਹੈ ਕਿ ਐਕਟ 1925 ਤਹਿਤ ਜਥੇਦਾਰਾਂ ਨੂੰ ਹਟਾ ਕੇ ਆਮ ਮੁਲਾਜ਼ਮਾਂ ਵਾਂਗ ਨਿਯੁਕਤ ਕੀਤਾ ਜਾ ਸਕਦਾ ਹੈ। ਇਹ ਬਹੁਤ ਦੁਖਦਾਈ ਅਤੇ ਰਾਜਨੀਤੀ ਤੋਂ ਪ੍ਰੇਰਿਤ ਹੈ।

ਵਰਨਣਯੋਗ ਹੈ ਕਿ ਸ਼੍ਰੋਮਣੀ ਕਮੇਟੀ ਦੀ ਕਾਰਜਕਾਰਨੀ ਦੀ ਮੀਟਿੰਗ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ ਅਤੇ ਮੁੱਖ ਸਕੱਤਰ ਕੁਲਵੰਤ ਸਿੰਘ ਮਾਨ ਨੇ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਹਟਾਉਣ ਸਬੰਧੀ ਸਪਸ਼ਟੀਕਰਨ ਦਿੰਦਿਆਂ ਕਿਹਾ ਸੀ ਕਿ ਜਥੇਦਾਰ ਸਾਹਿਬਾਨ ਨਾ ਸਿਰਫ਼ ਕਮੇਟੀ ਲਈ ਸਰਬਉੱਚ ਅਤੇ ਸਤਿਕਾਰਯੋਗ ਹਨ, ਲੇਕਿਨ ਉਨ੍ਹਾਂ ਦੀ ਨਿਯੁਕਤੀ ਜਾਂ ਹਟਾਉਣ ਦਾ ਅਧਿਕਾਰ ਉਕਤ ਐਕਟ ਦੇ ਤਹਿਤ ਰਖਦੀ ਹੈ।



ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਵਰਨਣਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵਿਚਲੇ ਡੇਰਾ ਸਰਪ੍ਰਸਤ ਦੀ ਮੁਆਫ਼ੀ ਨੂੰ ਲੈ ਕੇ ਵਿਵਾਦ ਸਾਹਮਣੇ ਆਇਆ ਸੀ ਅਤੇ ਇਸੇ ਵਿਵਾਦ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਤਤਕਾਲੀ ਜਥੇਦਾਰ ਗਿਆਨੀ ਗੁਰਬਚਨ ਸਿੰਘ ਵੀ ਬਾਦਲ ਪਰਿਵਾਰ ਦੀ ਸਿਆਸਤ ਦਾ ਸ਼ਿਕਾਰ ਹੋਏ ਸਨ ਅਤੇ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਨੇ ਜਥੇਦਾਰ ਦੇ ਅਹੁਦੇ ਤੋਂ ਹਟਾ ਦਿੱਤਾ ਸੀ। ਹੁਣ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਬਾਦਲ ਪਰਿਵਾਰ ਦੀ ਸਿਆਸਤ ਦਾ ਸ਼ਿਕਾਰ ਹੋਏ ਹਨ। ਉਨ੍ਹਾਂ ਕਿਹਾ ਕਿ ਜੋ ਵੀ ਬਾਦਲ ਪਰਿਵਾਰ ਦੇ ਖਿਲਾਫ ਜਾਂਦਾ ਹੈ ਉਸ ਨੂੰ ਬਾਦਲ ਪਰਿਵਾਰ ਦੇ ਰੋਹ ਦਾ ਸਾਹਮਣਾ ਕਰਨਾ ਪੈਂਦਾ ਹੈ।

ਗਰੇਵਾਲ ਨੇ ਕਿਹਾ ਕਿ ਭਾਵੇਂ ਹੁਣ ਤੱਕ ਦੁਨੀਆਂ ਜਾਣਦੀ ਸੀ ਕਿ ਜਥੇਦਾਰ ਸਾਹਿਬਾਨ ਸਿੱਖ ਕੌਮ ਦੀ ਸਿਰਮੌਰ ਸ਼ਖਸੀਅਤ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਕਮੇਟੀ ਬਾਦਲ ਪਰਿਵਾਰ ਦੇ ਪ੍ਰਭਾਵ ਹੇਠ ਹੈ, ਜਿਸ ਕਾਰਨ ਨਾ ਸਿਰਫ ਕਮੇਟੀ, ਸਗੋਂ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਹੋਰ ਤਖ਼ਤ ਸਾਹਿਬਾਨ ਦੀ ਮਰਿਆਦਾ ਨੂੰ ਵੀ ਨੁਕਸਾਨ ਪਹੁੰਚਾਇਆ ਗਿਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਭਾਵੇਂ ਪਿਛਲੇ ਕੁਝ ਦਿਨਾਂ ਤੋਂ ਅਕਾਲੀ ਦਲ ਵਿਚ ਚੱਲ ਰਹੇ ਵਿਵਾਦ ਕਾਰਨ ਸੁਖਬੀਰ ਸਿੰਘ ਬਾਦਲ ਨੂੰ ਹਟਾ ਦਿੱਤਾ ਗਿਆ ਹੈ, ਪਰ ਫਿਰ ਵੀ ਕਮੇਟੀ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰ ਰਹੀ ਹੈ ਅਤੇ ਬਾਦਲ ਪਰਿਵਾਰ ਦਾ ਸਾਥ ਦੇ ਰਹੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਕਮੇਟੀ ਅਧਿਕਾਰੀਆਂ ਦੇ ਉਪਰੋਕਤ ਬਿਆਨ ਤੋਂ ਸਪੱਸ਼ਟ ਹੈ ਕਿ ਅੱਜ ਵੀ ਕਮੇਟੀ ਬਾਦਲ ਪਰਿਵਾਰ ਦੇ ਦਬਾਅ ਹੇਠ ਕੰਮ ਕਰ ਰਹੀ ਹੈ।

# ਸੰਤ ਨਿਰੰਕਾਰੀ ਮਿਸ਼ਨ ਦੇ ਸੇਵਾਦਾਰਾਂ ਨੇ ਬਿਸਤ ਦੋਆਬ ਨਹਿਰ ਚਾਚੋਕੀ ਦੀ ਕੀਤੀ ਸਫਾਈ




ਫਗਵਾੜਾ 2ਸੰਯੋਜਕ ਮਲਕੀਤ ਚੰਦ ਦੀ ਅਗਵਾਈ ਹੇਠ ਅੱਜ ਸੰਤ ਨਿਰੰਕਾਰੀ ਮਿਸ਼ਨ ਦੇ ਸੇਵਾਦਾਰਾਂ ਵਲੋਂ ਅੰਮ੍ਰਿਤ ਦੇ ਦੁਆਰਾ ਸਾਫ਼ ਜਲ ਸਾਫ਼ ਮਨ ਪ੍ਰੋਜੈਕਟ ਤਹਿਤ ਚਾਚੋਕੀ ਵਿਖ਼ੇ ਬਿਸਤ ਦੋਆਬ ਨਹਿਰ ਦੇ ਇਕ ਕਿਲੋਮੀਟਰ ਹਿੱਸੇ ਦੀ ਸਫਾਈ ਕੀਤੀ। ਜਿਸ ਵਿਚ ਸੇਵਾਦਾਰ ਭੈਣਾਂ, ਭਰਾਵਾਂ ਅਤੇ ਸੰਗਤ ਨੇ ਉਤਸ਼ਾਹ ਨਾਲ ਹਿਸਾ ਲਿਆ। ਬ੍ਰਾਂਚ ਸੰਯੋਜਕ ਮਲਕੀਤ ਚੰਦ ਨੇ ਦੱਸਿਆ ਕਿ ਬਿਸਤ ਦੋਆਬ ਨਹਿਰ ਗੰਦਗੀ ਨਾਲ ਭਰੀ ਹੋਈ ਸੀ। ਜਿਸ ਨੂੰ ਬਿਲਕੁਲ ਸਾਫ਼ ਕੀਤਾ ਗਿਆ ਹੈ। ਉਹਨਾਂ ਨੇ ਦੱਸਿਆ ਕਿ ਅੱਜ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਦੇ ਨਿਰਦੇਸ਼ਾਂ ਤਹਿਤ ਤਕਰੀਬਨ 900 ਤੋਂ ਵੱਧ ਸ਼ਹਿਰਾਂ ਵਿਚ 1600 ਥਾਵਾਂ ਤੇ ਇਕੋ ਸਮੇ ਇਸ ਪ੍ਰੋਜੈਕਟ ਨੂੰ ਅਮਲ ਵਿਚ ਲਿਆਂਦਾ ਗਿਆ। ਇਸ ਮੌਕੇ ਤੇ ਫਗਵਾੜਾ ਨਗਰ ਨਿਗਮ ਦੇ ਮੇਯਰ ਰਾਮਪਾਲ ਉਪਲ, ਸੀਨੀਅਰ ਡਿਪਟੀ ਮੇਅਰ ਤੇਜ ਪਾਲ ਬਸਰਾ, ਡਿਪਟੀ ਮੇਅਰ ਵਿੱਕੀ ਸੂਦ, ਕੌਂਸਲਰ ਰਵੀ ਸਿੱਧੂ ਵਿਸ਼ੇਸ ਰੂਪ 'ਤੇ ਪਹੁੰਚੇ ਅਤੇ ਨਿਰੰਕਾਰੀ ਮਿਸ਼ਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

# ਸਰਪੰਚ ਗੁਰਮੀਤ ਸਿੰਘ ਗੋਗੀ ਨੇ ਲੱਖਪੁਰ ਦੇ ਲੋੜਵੰਦ ਪਰਿਵਾਰ ਨੂੰ ਲੜਕੀ ਦੇ ਵਿਆਹ ਮੌਕੇ ਸ਼ਗਨ ਵਜੋਂ ਭੇਂਟ ਕੀਤੇ 21 ਹਜਾਰ ਰੁਪਏ



ਫਗਵਾੜਾ 23 ਫਰਵਰੀ ( ਸੁਸ਼ੀਲ ਸ਼ਰਮਾ ) ਪਿੰਡ ਲੱਖਪੁਰ ਦੇ ਸਰਪੰਚ ਗੁਰਮੀਤ ਸਿੰਘ ਗੋਗੀ ਨੇ ਸਰਪੰਚੀ ਦੀਆਂ ਚੋਣਾਂ ਸਮੇਂ ਪਿੰਡ ਵਾਸੀਆਂ ਨਾਲ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਸਮੇਂ ਸ਼ਗਨ ਵਜੋਂ 21 ਹਜਾਰ ਰੁਪਏ ਦੇਣ ਦੇ ਕੀਤੇ ਵਾਅਦੇ ਨੂੰ ਪੂਰਾ ਕਰਦੇ ਹੋਏ ਇਕ ਹੋਰ ਲੋੜਵੰਦ ਪਰਿਵਾਰ ਦੀ ਲੜਕੀ ਨੂੰ ਉਸਦੇ ਵਿਆਹ ਸਮੇਂ 21 ਹਜਾਰ ਰੁਪਏ ਭੇਂਟ ਕੀਤੇ ਹਨ। ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਗੁਰਮੀਤ ਸਿੰਘ ਗੋਗੀ ਨੇ ਦੱਸਿਆ ਕਿ ਉਹਨਾਂ ਨੂੰ ਸਰਪੰਚ ਬਣੇ ਚਾਰ ਮਹੀਨੇ ਦਾ ਸਮਾਂ ਹੋਇਆ ਹੈ ਅਤੇ ਇਸ ਸਮੇਂ ਦੌਰਾਨ ਉਹਨਾਂ ਨੇ ਹੁਣ ਤੱਕ ਛੇ ਪਰਿਵਾਰਾਂ ਨੂੰ ਆਪਣੇ ਕੀਤੇ ਵਾਅਦੇ ਮੁਤਾਬਕ 21-21 ਹਜਾਰ ਰੁਪਏ ਭੇਂਟ ਕੀਤੇ ਹਨ। ਉਹਨਾਂ ਦੱਸਿਆ ਕਿ ਇਸ ਨੇਕ ਕਾਰਜ ਵਿਚ ਉਹਨਾਂ ਦੇ ਭਰਾ ਹਰਦੀਪ ਸਿੰਘ ਕਨੇਡਾ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ। ਜਿਸ ਦੇ ਲਈ ਉਹ ਆਪਣੇ ਭਰਾ ਹਰਦੀਪ ਸਿੰਘ ਅਤੇ ਪਰਿਵਾਰ ਦਾ ਵੀ ਤਹਿ ਦਿਲੋਂ ਧੰਨਵਾਦ ਕਰਦੇ ਹਨ। ਉਹਨਾਂ ਭਰੋਸਾ ਦਿੱਤਾ ਕਿ ਸਰਪੰਚੀ ਦੀ ਚੋਣ ਸਮੇਂ ਉਹਨਾਂ ਨੇ ਪਿੰਡ ਵਾਸੀਆਂ ਨਾਲ ਜੋ ਵੀ ਵਾਅਦੇ ਕੀਤੇ ਸਨ, ਉਹ ਸਾਰੇ ਵਾਅਦੇ ਆਪਣਾ ਫਰਜ਼ ਸਮਝ ਕੇ ਪੂਰੇ ਕਰਨਗੇ। ਉਹਨਾਂ ਨੇ ਪਿੰਡ ਦਾ ਵਿਕਾਸ ਵੀ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਕਰਵਾਉਣ ਦਾ ਭਰੋਸਾ ਦਿੱਤਾ ਅਤੇ ਪਿੰਡ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਵਿਕਾਸ ਕਾਰਜਾਂ ਵਿਚ ਪੰਚਾਇਤ ਦਾ ਸਹਿਯੋਗ ਕਰਨ ਤਾਂ ਜੋ ਪਿੰਡ ਨੂੰ ਮਾਡਲ ਗ੍ਰਾਮ ਵਜੋਂ ਵਿਕਸਿਤ ਕੀਤਾ ਜਾ ਸਕੇ। ਇਸ ਮੌਕੇ ਪ੍ਰਵਾਸੀ ਭਾਰਤੀ ਪਿਆਰਾ ਸਿੰਘ ਢੱਡਵਾਲ, ਬੀਬੀ ਮਨਜੀਤ ਕੌਰ ਪੰਚ ਤੋਂ ਇਲਾਵਾ ਪਿੰਡ ਦੇ ਹੋਰ ਪਤਵੰਤੇ ਹਾਜਰ ਸਨ।

# ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਦੀ ਪਹਿਲਕਦਮੀ ਕੀਤੀ ਦੁੱਗਲਾ ਸ਼ਮਸ਼ਾਨ ਘਾਟ ਦੀ ਸਾਫ਼ ਸਫਾਈ



ਫਗਵਾੜਾ (ਸੁਸ਼ੀਲ ਸ਼ਰਮਾ ) ਫਗਵਾੜਾ ਪੱਤਰਕਾਰ ਸੰਗਠਨ ਰਜਿ ਫਗਵਾੜਾ ਵਲੋਂ ਪ੍ਰਧਾਨ ਡਾ ਰਮਨ ਸ਼ਰਮਾ ਦੀ ਸੁਚੱਜੀ ਅਗਵਾਈ ਹੇਠ ਸ਼ਮਸ਼ਾਨ ਘਾਟਾਂ ਦੀ ਸਫਾਈ ਮੁਹਿੰਮ ਦੀ ਸ਼ੁਰੂਆਤ ਦੁੱਗਲਾ ਸ਼ਮਸ਼ਾਨ ਘਾਟ ਦੀ ਸਫਾਈ ਕਰ ਕੀਤੀ ਗਈ ਇਸ ਮੌਕੇ ਪ੍ਰਧਾਨ ਡਾ ਰਮਨ ਨੇ ਆਖਿਆ ਕਿ ਅਜਿਹੇ ਅਸਥਾਨਾਂ ਦੀ ਸਫ਼ਾਈ ਕਰਨ ਨਾਲ ਮੰਨ ਨੂੰ ਬੇਹੱਦ ਸੁਕੂਨ ਮਿਲਦਾ ਹੈ ਇਹ ਇੱਕ ਅਜਿਹਾ ਘਰ ਹੈ ਜਿੱਥੇ ਆਕੇ ਰੱਬ ਚੇਤੇ ਆਉਂਦਾ ਹੈ ਜਿਸ ਨੂੰ ਸਾਫ਼ ਸੁਥਰਾ ਰੱਖਣਾ ਸਾਡੀ ਸਭ ਦੀ ਜ਼ਿੰਮੇਵਾਰੀ ਬਣਦੀ ਹੈ ਇਸ ਮੌਕੇ ਅਸ਼ੋਕ ਸ਼ਰਮਾ , ਮੋਹਿਤ ਸ਼ਰਮਾ, ਕਮਲਦੀਪ ਸਿੰਘ , ਜੀਵਨ ਸੰਘਾ , ਮਹਿੰਦਰ ਵਿਰਕ ਸੂਦ ਆਦਿ ਮੌਜੂਦ ਸਨ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਪਿੰਡ ਵਜੀਦੋਵਾਲ ਵਿਖੇ ਕਰਵਾਇਆ 648ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਮਾਗਮ





ਫਗਵਾੜਾ ( ਸੁਸ਼ੀਲ ਸ਼ਰਮਾ ) ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਵਜੀਦੋਵਾਲ ਵਿਖੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਪ੍ਰਵਾਸੀ ਭਾਰਤੀਆਂ ਨਰਿੰਦਰ ਕੁਮਾਰ, ਸਰਬਜੀਤ, ਬਲਦੇਵ, ਸੰਜੀਵ ਕੁਮਾਰ, ਗੁਰਪ੍ਰੀਤ, ਪੂਨਮ ਢੰਡਾ ਯੂ.ਕੇ., ਪ੍ਰੀਤ ਪਹਿਲਵਾਨ ਪੁਰਤਗਾਲ ਅਤੇ ਅਮਰਜੀਤ ਯੂ.ਕੇ. ਤੋਂ ਇਲਾਵਾ ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਪੂਰਵਕ ਕਰਵਾਇਆ ਗਿਆ। ਸਵੇਰੇ ਪ੍ਰਬੰਧਕਾਂ ਵਲੋਂ ਸ੍ਰੀ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ ਪਾਠ ਦੇ ਭੋਗ ਪਾਏ ਗਏ ਅਤੇ ਹੈਡ ਗ੍ਰੰਥੀ ਭਾਈ ਰਜਵਿੰਦਰ ਸਿੰਘ ਖਲਵਾੜਾ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਪਰੰਤ ਭਾਈ ਅੰਗ੍ਰੇਜ ਸਿੰਘ ਰਾਜਪੁਰ ਵਾਲਿਆਂ ਦੇ ਜੱਥੇ ਵਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸਰਪੰਚ ਰਿਪਲ ਕੁਮਾਰ ਅਤੇ ਪ੍ਰਬੰਧਕਾਂ ਨੇ ਸਮੂਹ ਸੰਗਤਾਂ ਨੂੰ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਅਤੇ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਤੇ ਚੱਲਣ ਲਈ ਪ੍ਰੇਰਿਆ। ਪਤਵੰਤਿਆਂ, ਸਹਿਯੋਗੀਆਂ ਤੇ ਸੇਵਾਦਾਰਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਚਾਹ ਪਕੌੜੇ ਅਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਗਈ। ਰਾਤ ਸਮੇਂ ਗੁਰਦੁਆਰਾ ਸਾਹਿਬ ਨੂੰ ਰੰਗ-ਬਿਰੰਗੀਆਂ ਲਾਈਟਾਂ ਨਾਲ ਸਜਾਇਆ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਮਨਜੀਤ ਸਿੰਘ, ਰਿਟਾ. ਇੰਸਪੈਕਟਰ ਰਮਨ ਕੁਮਾਰ, ਸੁਖਵਿੰਦਰ, ਕੁਲਵਿੰਦਰ ਕੁਮਾਰ, ਨਰਿੰਦਰ ਪਾਲ, ਸਾਬੀ, ਨੀਰਜ, ਰਿੱਕੀ, ਅਮਰਜੀਤ, ਸੋਹਨ ਲਾਲ, ਓਮ ਪ੍ਰਕਾਸ਼ ਢੰਡਾ, ਹੈਪੀ, ਸੁਧੀਰ ਕੁਮਾਰ ਢੰਡਾ, ਸੋਮਨਾਥ ਤੇ ਸਤੀਸ਼ ਕੁਮਾਰ ਨੰਬਰਦਾਰ, ਰਾਕੇਸ਼ ਕੁਮਾਰ ਕੇਸ਼ਾ, ਗੁਰਮੇਲ ਰਾਮ, ਸੁਰਿੰਦਰ ਕੁਮਾਰ, ਅਸ਼ਵਨੀ ਕੁਮਾਰ, ਰਾਜਕੁਮਾਰ, ਚੰਦਰ ਮੋਹਨ, ਪੰਡਿਤ ਅਸ਼ੋਕ ਕੁਮਾਰ, ਰਵੀ ਦੱਤ, ਬਲਰਾਮ ਕੁਮਾਰ, ਬਲਿਹਾਰ ਲਾਲ, ਚਮਨ ਲਾਲ, ਸੌਰਵ ਸ਼ਰਮਾ, ਪ੍ਰਥਮ ਕੁਮਾਰ, ਤ੍ਰਿਸ਼ਕਾ ਕੁਮਾਰੀ ਤੋਂ ਇਲਾਵਾ ਪਿੰਡ ਦੀਆਂ ਸਮੂਹ ਸੰਗਤਾਂ ਹਾਜਰ ਸਨ।

# ਆਪ ਆਗੂ ਕਸ਼ਮੀਰ ਸਿੰਘ ਖਲਵਾੜਾ ਦੀ ਅਗਵਾਈ ਹੇਠ ਥਾਣਾ ਸਦਰ ਦੇ ਐਸ.ਐਚ.ਓ. ਦਿਲਬਾਗ ਸਿੰਘ ਨੂੰ ਮਿਲਿਆ ਵਫਦ



ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਦੇ ਆਗੂ ਕਸ਼ਮੀਰ ਸਿੰਘ ਖਲਵਾੜਾ ਦੀ ਅਗਵਾਈ ਹੇਠ ਪਿੰਡ ਦੇ ਪਤਵੰਤਿਆਂ ਦਾ ਇਕ ਵਫਦ ਥਾਣਾ ਸਦਰ ਫਗਵਾੜਾ ਦੇ ਨਵ ਨਿਯੁਕਤ ਐਸ.ਐਚ.ਓ. ਦਿਲਬਾਗ ਸਿੰਘ ਨੂੰ ਮਿਲਿਆ। ਇਸ ਦੌਰਾਨ ਉਹਨਾਂ ਨੇ ਗੁਲਦਸਤਾ ਭੇਂਟ ਕਰਕੇ ਨਿਯੁਕਤੀ ਦਾ ਸਵਾਗਤ ਕੀਤਾ। ਵਫਦ ਵਿਚ ਸ਼ਾਮਲ ਪਿੰਡ ਖਲਵਾੜਾ ਕਲੋਨੀ ਦੇ ਸਰਪੰਚ ਸੁਰਿੰਦਰ ਸਿੰਘ, ਸ਼ਿਵ ਕੁਮਾਰ ਅਤੇ ਹੋਰਨਾਂ ਨੇ ਐਸ.ਐਚ.ਓ. ਦਿਲਬਾਗ ਸਿੰਘ ਨੂੰ ਭਰੋਸਾ ਦਿੱਤਾ ਕਿ ਇਲਾਕੇ ਵਿਚ ਕਾਨੂੰਨ ਵਿਵਸਥਾ ਸੁਚਾਰੂ ਬਨਾਉਣ ਵਿਚ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਐਸ.ਐਚ.ਓ. ਦਿਲਬਾਗ ਸਿੰਘ ਨੇ ਕਿਹਾ ਕਿ ਥਾਣਾ ਸਦਰ ਪੁਲਿਸ ਜਨਤਾ ਦੀ ਸੇਵਾ ਵਿਚ ਪੂਰੀ ਮੁਸਤੈਦੀ ਨਾਲ ਕੰਮ ਕਰੇਗੀ। ਇਲਾਕੇ ਸਰਪੰਚਾਂ, ਪੰਚਾਂ ਅਤੇ ਹੋਰ ਮੋਹਤਬਰਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਉਹਨਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਮਾੜੇ ਅਨਸਰਾਂ ਨੂੰ ਨੱਥ ਪਾਉਣ ਵਿਚ ਪੁਲਿਸ ਦਾ ਸਹਿਯੋਗ ਕੀਤਾ ਜਾਵੇ। ਉਹਨਾਂ ਕਾਨੂੰਨ ਦੇ ਨਾਲ ਖਿਲਵਾੜ ਕਰਨ ਵਾਲਿਆਂ ਨਾਲ ਸਖਤੀ ਨਾਲ ਨਜਿੱਠਣ ਦੀ ਗੱਲ ਵੀ ਕਹੀ ਅਤੇ ਅਪੀਲ ਕੀਤੀ ਕਿ ਜੋ ਲੋਕ ਨਸ਼ੇ ਆਦਿ ਦਾ ਕਾਰੋਬਾਰ ਕਰਦੇ ਹਨ ਜਾਂ ਹੋਰ ਗੈਰ ਕਾਨੂੰਨੀ ਗਤੀਵਿਧੀਆਂ ਵਿਚ ਸ਼ਾਮਲ ਹਨ, ਉਹਨਾਂ ਬਾਰੇ ਪੁਲਿਸ ਨੂੰ ਸੂਚਨਾ ਦਿੱਤੀ ਜਾਵੇ। ਜੇਕਰ ਸੂਚਨਾ ਦੇਣ ਵਾਲਾ ਚਾਹੇਗਾ ਤਾਂ ਉਸਦਾ ਨਾਮ ਪਤਾ ਗੁਪਤ ਰੱਖਿਆ ਜਾਵੇਗਾ।

# ਦੀਨਾਨਗਰ ਚ 2 ਦਰਜਨ ਪਰਿਵਾਰ ਆਪ ਪਾਰਟੀ ਨੂੰ ਅਲਵਿਦਾ ਕਹਿ ਕਾਂਗਰਸ ਪਾਰਟੀ ਚ ਹੋਏ ਸ਼ਾਮਿਲ।



ਦੀਨਾਨਗਰ, 23 ਫਰਵਰੀ (ਡਾ ਰਮੇਸ਼ ਸਰੰਗਲ )

ਦੀਨਾਨਗਰ ਹਲਕੇ ਦੇ ਪਿੰਡ ਉੱਚਾ ਧਕਾਲਾ ਅਤੇ ਸ਼ਮਸ਼ੇਰਪੁਰ ਦੇ ਦੋ ਦਰਜਨ ਪਰਿਵਾਰਾਂ ਨੇ ਸੱਤਾਧਾਰੀ ਪਾਰਟੀ ਤੋਂ ਕਿਨਾਰਾ ਕਰਦਿਆਂ ਅੱਜ ਕਾਂਗਰਸ ਪਾਰਟੀ ਜੁਆਇਨ ਕੀਤੀ। ਸੀਨੀਅਰ ਆਗੂ ਸੁਖਦੇਵ ਸਿੰਘ ਸ਼ਮਸ਼ੇਰਪੁਰ ਦੇ ਯਤਨਾਂ ਨਾਲ ਕਾਂਗਰਸ 'ਚ ਸ਼ਾਮਲ ਹੋਏ 'ਆਪ' ਵਰਕਰ ਅਮਨਦੀਪ ਸਿੰਘ ਅਤੇ ਮੰਗਲ ਦਾਸ ਬਿੱਟੂ ਨੇ ਕਿਹਾ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਮੌਕੇ ਪੰਜਾਬ ਅੰਦਰ ਵੱਡਾ ਬਦਲਾਅ ਹੋਣ ਦਾ ਰੌਲਾ ਸੁਣ ਕੇ ਉਹ ਆਮ ਆਦਮੀ ਪਾਰਟੀ ਨਾਲ ਜੁੜ□ ਸਨ ਪਰ ਲੰਘੇ ਤਿੰਨ ਸਾਲਾਂ ਦਰਮਿਆਨ 'ਆਪ' ਸਰਕਾਰ ਪੰਜਾਬ ਅੰਦਰ ਕੁਝ ਵੀ ਨਵਾਂ ਨਹੀਂ ਕਰ ਸਕੀ ਹੈ ਅਤੇ ਨਾ ਹੀ ਚੋਣਾਵੀ ਵਾਅਦੇ ਪੂਰੇ ਹੋਏ ਹਨ। ਉਨ੍ਹਾਂ ਕਿਹਾ ਕਿ ਦਿੱਲੀ ਚੋਣਾਂ 'ਚ ਆਮ ਆਦਮੀ ਪਾਰਟੀ ਦੀ ਕਰਾਰੀ ਹਾਰ ਤੋਂ ਬਾਅਦ ਲੋਕਾਂ ਦਾ ਮੋਹ 'ਆਪ' ਪਾਰਟੀ ਤੋਂ ਪੂਰੀ ਤਰ੍ਹਾਂ ਭੰਗ ਹੋ ਗਿਆ ਹੈ। ਦੂਜੇ ਪਾਸੇ ਕਾਂਗਰਸ ਨਾਲ ਜੁੜ□ਨ ਵਾਲੇ ਤਮਾਮ ਲੋਕਾਂ ਨੇ ਇਹ ਮਹਿਸੂਸ ਕੀਤਾ ਹੈ ਕਿ ਪੰਜਾਬ ਵਿੱਚ ਕਾਂਗਰਸ ਅਤੇ ਦੀਨਾਨਗਰ ਹਲਕੇ ਅੰਦਰ ਮੈਡਮ ਅਰੁਣਾ ਚੌਧਰੀ ਹੀ ਵਿਕਾਸ ਪੱਖੋਂ ਜਨਤਾ ਦੀ ਪਹਿਲੀ ਪਸੰਦ ਹਨ। ਜਿਸ ਕਾਰਨ ਉਨ੍ਹਾਂ ਨੇ ਅੱਜ ਕਾਂਗਰਸ ਪਾਰਟੀ 'ਚ ਸ਼ਮੂਲੀਅਤ ਕੀਤੀ ਹੈ। ਇਸ ਦੌਰਾਨ ਮੌਜੂਦਾ ਵਿਧਾਇਕਾ ਤੇ ਸਾਬਕਾ ਕੈਬਨਿਟ ਮੰਤਰੀ ਅਰੁਣਾ ਚੌਧਰੀ ਅਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਉਕਤ ਪਰਿਵਾਰਾਂ ਨੂੰ ਸਿਰੋਪੇ ਪਹਿਨਾ ਕੇ ਆਪਣੀ ਪਾਰਟੀ 'ਚ ਸ਼ਾਮਲ ਕੀਤਾ ਅਤੇ ਉਨ੍ਹਾਂ ਨੂੰ ਕਾਂਗਰਸ ਅੰਦਰ ਪੂਰਾ ਮਾਣ ਸਨਮਾਨ ਦਿੱਤੇ ਜਾਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਕਾਂਗਰਸ 'ਚ ਸ਼ਾਮਲ ਹੋਣ ਵਾਲਿਆਂ 'ਚ ਉੱਚਾ ਧਕਾਲਾ ਤੋਂ ਅਮਨਦੀਪ ਸਿੰਘ, ਤਰਸੇਮ ਲਾਲ, ਚਮਨ ਲਾਲ, ਜਗਦੀਸ਼ ਸਿੰਘ, ਕਮਲਜੀਤ ਕੁਮਾਰ, ਮਨਦੀਪ ਕੁਮਾਰ, ਰਫ਼ੀਕ ਮਸੀਹ, ਪਲਵਿੰਦਰ ਕੁਮਾਰ, ਕਰਮ ਚੰਦ, ਅਮਰਜੀਤ ਕੁਮਾਰ, ਹਰਦੇਵ ਸਿੰਘ, ਬਲਵਿੰਦਰ ਕੁਮਾਰ, ਪ੍ਰੇਮ ਮਸੀਹ ਅਤੇ ਰਮਨ ਕੁਮਾਰ ਅਤੇ ਸ਼ਮਸ਼ੇਰਪੁਰ ਤੋਂ ਮੰਗਲ ਦਾਸ, ਸੁਖਬੀਰ ਸਿੰਘ ਅਤੇ ਜਗਦੀਪ ਸਿੰਘ ਦੇ ਨਾਂ ਸ਼ਾਮਲ ਹਨ। ਇਸ ਮੌਕੇ ਬਲਾਕ ਸੰਮਤੀ ਦੀਨਾਨਗਰ ਦੇ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ ਵੀ ਮੌਜੂਦ ਸਨ।

# ਆਧਾਰਸ਼ਿਲਾ ਸਾਹਿਤਕ ਸੰਸਥਾ ਵੱਲੋਂ ਪੁਰਸਕਾਰ ਸਮਾਰੋਹ ਅਤੇ ਕਵਿਤਾ ਸੰਮੇਲਨ





ਚੰਡੀਗੜ੍ਹ। ਆਧਾਰਸ਼ਿਲਾ ਸਾਹਿਤਕ ਸੰਗਠਨ ਨੇ ਪੰਜਾਬ ਕਲਾ ਭਵਨ, ਸੈਕਟਰ-16, ਚੰਡੀਗੜ੍ਹ ਵਿਖੇ ਇੱਕ ਪੁਰਸਕਾਰ ਸਮਾਰੋਹ ਅਤੇ ਕਵਿਤਾ ਸੰਮੇਲਨ ਦਾ ਆਯੋਜਨ ਕੀਤਾ। ਜਿਸ ਵਿੱਚ ਪੀਜੀਆਈ ਚੰਡੀਗੜ੍ਹ ਦੇ ਐਂਡੋਕਰੀਨੋਲੋਜੀ ਵਿਭਾਗ ਦੇ ਡਾ. ਆਸ਼ੂ ਰਸਤੋਗੀ ਦੁਆਰਾ ਲਿਖੀ ਗਈ ਕਿਤਾਬ ਪਦ, ਪਾਦੁਕਾ ਔਰ ਆਪ ਰਿਲੀਜ਼ ਕੀਤੀ ਗਈ। ਇਹ ਕਿਤਾਬ ਡਾ. ਰਸਤੋਗੀ ਨੇ ਡੈਬੀਟਿਕ ਦੇ ਪੈਰ ਬਾਰੇ ਲਿਖੀ ਹੈ। ਇਸ ਕਿਤਾਬ ਵਿੱਚ, ਡਾ. ਰਸਤੋਗੀ ਨੇ ਮਰੀਜ਼ਾਂ ਨੂੰ ਸ਼ੂਗਰ ਦੇ ਪੈਰਾਂ ਦੇ ਕਾਰਨਾਂ, ਨਿਦਾਨ ਅਤੇ ਦੇਖਭਾਲ ਬਾਰੇ ਬਹੁਤ ਹੀ ਸਰਲ ਭਾਸ਼ਾ ਵਿੱਚ ਸਮਝਾਇਆ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਇਹ ਕਿਤਾਬ ਮਰੀਜ਼ਾਂ ਨੂੰ ਮੁਫ਼ਤ ਦਿੱਤੀ ਜਾ ਰਹੀ ਹੈ। ਡਾ. ਆਸ਼ੂ ਰਸਤੋਗੀ ਨੇ ਸਟੇਜ ਤੋਂ ਉੱਥੇ ਮੌਜੂਦ ਸਾਰੇ ਲੋਕਾਂ ਨੂੰ ਸ਼ੂਗਰ ਅਤੇ ਸ਼ੂਗਰ ਦੇ ਪੈਰ ਬਾਰੇ ਵੀ ਦੱਸਿਆ। ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਸਾਬਕਾ ਸਕੱਤਰ ਸੁਭਾਸ਼ ਭਾਸਕਰ ਸਨ, ਜਦੋਂ ਕਿ ਵਿਸ਼ੇਸ਼ ਮਹਿਮਾਨ ਆਰੀਆ ਸਮਾਜ ਕੇਂਦਰੀ ਸਭਾ ਦੇ ਮੀਡੀਆ ਸਲਾਹਕਾਰ ਡਾ. ਵਿਨੋਦ ਸ਼ਰਮਾ ਸਨ। ਦੂਜੇ ਸੈਸ਼ਨ ਵਿੱਚ ਇੱਕ ਕਵਿਤਾ ਸੰਮੇਲਨ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ 92 ਸਾਲਾ ਗੁਰਦੀਪ ਕੌਰ ਨੇ ਸੁਰਜੀਤ ਪਾਤਰ ਦੀ ਕਵਿਤਾ ਸੁਣਾਈ। ਇਸ ਤੋਂ ਇਲਾਵਾ ਪਵਨ ਮੁੰਤਜ਼ੀਰ, ਵਿਜੇ ਕਪੂਰ, ਸ਼ਮਸ਼ੇਰ ਸਾਹਿਲ, ਅਸ਼ੋਕ ਅਗਰਵਾਲ, ਅਨੀਤਾ ਸੁਰਭੀ, ਮਨਜੀਤ ਮੀਰਾ, ਚਰਨਜੀਤ ਚੰਦਵਾਲ, ਹਰਸ਼ ਚੋਪੜਾ, ਤਿਲਕ ਸੇਠੀ, ਸੁਰੇਂਦਰ ਪਾਲ ਅਤੇ ਵੀਨਾ ਢੀਂਗਰਾ, ਰਾਜੇਂਦਰ ਸੌਂਧ ਨੇ ਆਪਣੀਆਂ ਰਚਨਾਵਾਂ ਸੁਣਾਈਆਂ। ਆਪਣੀ ਰਚਨਾ ਪੇਸ਼ ਕਰਦੇ ਹੋਏ, ਅਨੀਤਾ ਸੁਰਭੀ ਨੇ ਕਿਹਾ ਕਿ ਉਸਦੀ ਮਾਂ ਹਮੇਸ਼ਾ ਆਪਣੇ ਖਾਲੀ ਸਮੇਂ ਵਿੱਚ ਸਵੈਟਰ ਬੁਣਦੀ ਹੈ। ਸ਼ਾਇਦ ਉਹ ਖਾਲੀਪਣ ਨੂੰ ਭਰਨ ਲਈ ਜਾਲਾਂ ਵਿੱਚ ਫਸੀ ਰਹਿੰਦੀ ਹੈ।

# ਜ਼ਿਲ੍ਹਾ ਪ੍ਰਸਾਸ਼ਨ ਲੋਕਾਂ ਨੂੰ ਰੋਜ਼ਮੱਰਾ ਦੀਆਂ ਸੇਵਾਵਾਂ ਸਰਲ ਪਾਰਦਰਸ਼ੀ ਤਰੀਕੇ ਨਾਲ ਪ੍ਰਦਾਨ ਕਰਨ ਲਈ ਵਚਨਬੱਧ- ਵਧੀਕ ਡਿਪਟੀ ਕਮਿਸ਼ਨਰ



ਮਾਲੇਰਕੋਟਲਾ :(ਕਿੱਮੀ ਅਰੋੜਾ,ਅਸਲਮ ਨਾਜ਼) ਜ਼ਿਲ੍ਹਾ ਪ੍ਰਸਾਸ਼ਨ ਲੋਕਾਂ ਨੂੰ ਰੋਜ਼ਮੱਰਾ ਦੀਆਂ ਸੇਵਾਵਾਂ ਸਰਲ,ਪਾਰਦਰਸ਼ੀ ਤਰੀਕੇ ਨਾਲ ਪ੍ਰਦਾਨ ਕਰਨ ਲਈ ਵਚਨਬੱਧ ਹੈ। ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਫਰਦ ਕੇਂਦਰ ਤੇ ਸੇਵਾ ਕੇਂਦਰ ਅਤੇ ਤਹਿਸੀਲਾਂ ਵਿਖੇ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕੀਤੇ ਜਾਣ ਅਤੇ ਕੰਮਕਾਜ ਸਬੰਧੀ ਗੱਲਬਾਤ ਕਰਦਿਆ ਕਿਹਾ ਕਿ ਸਰਕਾਰੀ ਅਧਿਕਾਰੀ ਤੇ ਕਰਮਚਾਰੀ ਲੋਕਾਂ ਨੂੰ ਜਨਤਕ ਸੇਵਾਵਾਂ ਅਸਾਨ ਤੇ ਸਰਲ ਤਰੀਕੇ ਨਾਲ ਮੁਹੱਈਆ ਕਰਵਾਉਣਾ ਯਕੀਨੀ ਬਣਾਉਣ ਅਤੇ ਰੋਜ਼ਮਰਾ ਦੀਆਂ ਸੇਵਾਵਾਂ ਪ੍ਰਦਾਨ ਕਰਨ ਵਿਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਸੁਚੱਜਾ ਪ੍ਰਸ਼ਾਸ਼ਨ ਅਤੇ ਤਕਨੀਕੀ ਸੂਚਨਾਂ ਵਿਭਾਗ ਵੱਲੋਂ ਲੋਕਾਂ ਨੂੰ ਇੱਕੋ ਛੱਤ ਥੱਲੇ ਸਰਕਾਰੀ ਸੇਵਾਵਾਂ ਡਿਜੀਟਲ ਤਰੀਕੇ ਨਾਲ ਮੁਹੱਈਆ ਕਰਵਾਉਣ ਲਈ ਜ਼ਿਲ੍ਹੇ 'ਚ 09 ਸੇਵਾ ਕੇਂਦਰ ਕਾਰਜਸ਼ੀਲ ਹਨ, ਜਿਨ੍ਹਾਂ ਤੋਂ ਕਰੀਬ 430 ਤਰ੍ਹਾਂ ਦੀਆਂ ਸੇਵਾਵਾਂ ਲੋਕਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ । ਇਸੇ ਤਰ੍ਹਾਂ ਲੋਕ ਦੀ ਸੁਵਿਧਾ ਲਈ ਸਰਕਾਰੀ ਸੇਵਾਵਾਂ ਡੋਰ ਸਟੈੱਪ ਡਲਿਵਰੀ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਨਾਲ ਸਰਕਾਰ ਤੋਂ ਨਾਗਰਿਕ ਤੱਕ ਸੇਵਾਵਾਂ (ਗਵਰਮੈਂਟ-ਟੂ-ਸਿਟੀਜ਼ਨ) ਨਿਰਵਿਘਨ ਮੁਹੱਈਆ ਹੋਣਗੀਆਂ। ਇਹ ਪਹਿਲਕਦਮੀ ਸੂਬਾ ਦੇ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਬਰੂੰਹਾਂ 'ਤੇ ਸਾਰੀਆਂ 406 ਮਹੱਤਵਪੂਰਨ ਜੀ2ਸੀ ਸੇਵਾਵਾਂ-ਜਿਵੇਂ ਜਨਮ ਅਤੇ ਮੌਤ ਦੇ ਸਰਟੀਫਿਕੇਟ,ਆਮਦਨ,ਰਿਹਾਇਸ਼,ਜਾਤੀ,ਪੈਨਸ਼ਨ,ਬਿਜਲੀ ਬਿੱਲ ਭੁਗਤਾਨ ਅਤੇ ਹੋਰ ਸੇਵਾਵਾਂ ਪ੍ਰਦਾਨ ਕੀਤੀ ਜਾ ਰਹੀ ਹੈ। ਨਾਗਰਿਕ ਸਮਰਪਿਤ ਹੈਲਪ ਲਾਈਨ ਨੰਬਰ 1076 'ਤੇ ਕਾਲ ਕਰਕੇ ਆਪਣੀ ਇਸ ਸਹੂਲਤ ਅਨੁਸਾਰ ਪੂਰਵ-ਮੁਲਾਕਾਤ ਦਾ ਸਮਾਂ ਤੈਅ ਕਰਕੇ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਬਿਨੈਕਾਰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹੈਲਪਲਾਇਨ ਉੱਪਰ ਸੰਪਰਕ ਕਰ ਸਕਦਾ ਹੈ। ਇਸ ਹੈਲਪਲਾਇਨ ਰਾਹੀਂ ਪੰਜਾਬ ਸਰਕਾਰ ਵਲੋਂ ਬਿਨੈਕਾਰ ਦੇ ਦਸਤਾਵੇਜ਼ ਵੀ ਘਰੋਂ ਪ੍ਰਾਪਤ ਕੀਤੇ ਜਾਂਦੇ ਹਨ ਅਤੇ ਮੰਗੀ ਗਈ ਸੇਵਾ ਪ੍ਰਦਾਨ ਵੀ ਘਰ ਜਾ ਕੇ ਕੀਤੀ ਜਾਂਦੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮਜ਼ ਨੂੰ ਵੀ ਕਿਹਾ ਕਿ ਉਹ ਆਪੋ ਆਪਣੇ ਅਧਿਕਾਰ ਖੇਤਰ ਵਿਚ ਚੱਲ ਰਹੇ ਸੇਵਾ ਕੇਂਦਰਾਂ, ਫਰਦ ਕੇਂਦਰਾਂ ਵਿਖੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਲਗਾਤਾਰ ਸਮੀਖਿਆ ਕਰਨ ਤਾਂ ਜੋ ਲੋਕਾਂ ਨੂੰ ਨਿਰਵਿਘਨ ਤਰੀਕੇ ਨਾਲ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣ।

# ਮੈਂਬਰ ਪਾਰਲੀਮੈਂਟ ਸ਼ੁੱਖਜਿੰਦਰ ਸਿੰਘ ਰੰਧਾਵਾ ਨੇ ਡਾਲਾ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।



ਦੀਨਾਨਗਰ (ਡਾ ਰਮੇਸ਼ ਸਰੰਗਲ ) ਗੁਰਦਾਸਪੁਰ ਤੋਂ ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ ਨੇ ਡਾਲਾ ਪਰਿਵਾਰ ਨਾਲ ਦੁਖ ਸਾਂਝਾ ਕੀਤਾ ਹੈ ਪਿਛਲੇ ਦਿਨੀਂ ਦਰਸ਼ਨ ਸਿੰਘ ਡਾਲਾ ਦੀ ਵੱਡੀ ਨੂੰਹ ਸਰਬਜੀਤ ਕੌਰ ਦਾ ਸੰਖੇਪ ਬਿਮਾਰੀ ਪਿਛੋਂ ਹੋਇਆ ਦਿਹਾਂਤ ਹੋ ਗਿਆ ਸੀ।

ਇਸ ਮੌਕੇ ਤੇ ਵਿਧਾਇਕਾ ਅਰੁਣਾ ਚੌਧਰੀ, ਸੀਨੀਅਰ ਕਾਂਗਰਸੀ ਨੇਤਾ ਅਸ਼ੋਕ ਚੌਧਰੀ, ਦਰਸ਼ਨ ਸਿੰਘ ਡਾਲਾ, ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਮਹਿੰਦਰ ਸਿੰਘ ਡਾਲਾ, ਦਲੀਪ ਸਿੰਘ ਡਾਲਾ, ਨਰਿੰਦਰ ਸਿੰਘ ਡਾਲਾ,ਡਾ ਰਣਜੀਤ ਸਿੰਘ ਅਟਵਾਲ, ਬਲਵਿੰਦਰ ਸਿੰਘ, ਦਵਿੰਦਰ ਸਿੰਘ, ਗੁਰਮੀਤ ਸਿੰਘ, ਅਮੀਰ ਸਿੰਘ, ਜਸਪਾਲ ਸਿੰਘ, ਕੁਲਬੀਰ ਸਿੰਘ ਵੀ ਹਾਜ਼ਰ ਸਨ।

# ਬਿਜਲੀ ਕਾਮਿਆਂ ਦੀਆਂ ਗਲਤ ਪੋਸਟਿੰਗਾਂ ਖਿਲਾਫ਼ ਜਥੇਬੰਦੀਆਂ ਨੇ ਮੁੱਖ ਇੰਜੀ : ਖਿਲਾਫ਼ ਰੋਸ ਧਰਨਾ ਦਿੱਤਾ



ਲੁਧਿਆਣਾ ( ਸੁਖਚੈਨ ਮਹਿਰਾ) ਪੀਐਸਪੀਸੀਐਲ ਦੇ ਸਥਾਨਕ ਪੀ ਅਤੇ ਐਮ ( ਗਰਿੱਡਾਂ) ਦੇ ਮੁੱਖ ਇੰਜੀਨੀਅਰ ਦੇ ਦਫਤਰ ਸਾਹਮਣੇ ਸਾਂਝਾ ਫੋਰਮ ,ਏਕਤਾ ਮੰਚ ਅਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਦੇ ਸੱਦੇ ਤੇ ਰੋਸ ਧਰਨਾ ਲਗਾ ਕੇ ਮੁੱਖ ਇੰਜੀਨੀਅਰ ਵੱਲੋਂ ਕਰਮਚਾਰੀਆਂ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਖਿਲਾਫ਼ ਜੋਰਦਾਰ ਨਾਅਰੇਬਾਜ਼ੀ ਕੀਤੀ । ਇਸ ਰੋਸ ਧਰਨੇ ਦੀ ਪ੍ਰਧਾਨਗੀ ਸਾਂਝੇ ਤੌਰ ਤੇ ਰਤਨ ਸਿੰਘ ਮਜਾਰੀ , ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਰਣਜੀਤ ਸਿੰਘ ਢਿੱਲੋਂ ਨੇ ਕੀਤੀ । ਇਸ ਮੌਕੇ ਤੇ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਹਰਪਾਲ ਸਿੰਘ , ਗੁਰਵੇਲ ਸਿੰਘ ਬੱਲਪੁਰੀਆ, ਸਰਿੰਦਰਪਾਲ ਲਹੌਰੀਆਂ , ਸਰਬਜੀਤ ਸਿੰਘ ਭਾਣਾ, ਕੁਲਵਿੰਦਰ ਸਿੰਘ ਢਿੱਲੋਂ, ਕੌਰ ਸਿੰਘ ਸੋਹੀ , ਸੁਖਵਿੰਦਰ ਸਿੰਘ ਦੁੱਮਣਾ, ਜਸਵਿੰਦਰ ਸਿੰਘ , ਪੂਰਨ ਸਿੰਘ ਖਾਈ , ਰਛਪਾਲ ਸਿੰਘ ਪਾਲੀ , ਗੁਰਧਿਆਨ ਸਿੰਘ , ਲਖਵਿੰਦਰ ਸਿੰਘ , ਜਗਤਾਰ ਸਿੰਘ ਆਦਿ ਨੇ ਮੁੱਖ ਇੰਜੀਨੀਅਰ ਤੇ ਕਰਮਚਾਰੀਆਂ ਦੀਆਂ ਬਦਲੀਆਂ ਕਰਨ ਲਈ ਰਿਸ਼ਵਤਖ਼ੋਰੀ ਦੇ ਗੰਭੀਰ ਦੋਸ਼ ਲਗਾਏ । ਇਸ ਮੌਕੇ ਭਰਾਤਰੀ ਜਥੇਬੰਦੀ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਦੇ ਸੂਬਾ ਵਰਕਿੰਗ ਪ੍ਰਧਾਨ ਚਮਕੌਰ ਸਿੰਘ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਬਨਵੈਤ, ਸੂਬਾ ਸਕੱਤਰ ਐਸ ਪੀ ਸਿੰਘ ,ਸੂਬਾ ਆਗੂ ਰਾਜਿੰਦਰ ਸਿੰਘ ਨੇ ਰੋਸ ਧਰਨੇ ਦੀ ਡਟਵੀਂ ਹਮਾਇਤ ਕਰਦੇ ਹੋਏ ਅਗਲੇ ਸੰਘਰਸ਼ ਵਿੱਚ ਵੱਧ ਚੜ ਕੇ ਹਿੱਸਾ ਲੈਣ ਦਾ ਲੀਡਰਸ਼ਿਪ ਨੂੰ ਵਿਸ਼ਵਾਸ ਦਿਵਾਇਆ। ਆਗੂਆਂ ਨੇ ਕਿਹਾ ਕਿ ਪਿਛਲੇ ਇਕ ਮਹੀਨੇ ਤੋਂ ਮੁੱਖ ਇੰਜੀਨੀਅਰ ਜਾਣਬੁੱਝ ਕੇ ਤਰੱਕੀ ਪਾਉਣ ਵਾਲੇ ਸਹਾਇਕ ਲਾਈਨਮੈਨ ਕਰਮਚਾਰੀਆਂ ਨੂੰ ਵੱਖ ਵੱਖ ਤਰ੍ਹਾਂ ਦੇ ਬਹਾਨੇ ਬਣਾ ਕੇ ਪ੍ਰੇਸ਼ਾਨ ਕਰ ਰਿਹਾ ਹੈ। ਕਿਉਂਕਿ ਮੁੱਖ ਇੰਜੀਨੀਅਰ ਨੇ ਤਰੱਕੀ ਪਾਉਣ ਵਾਲੇ ਕਰਮਚਾਰੀਆਂ ਦੇ ਇਕ ਮਹੀਨੇ ਤੱਕ ਅਗਲੇ ਤੈਨਾਤੀ ਆਰਡਰ ਨਹੀਂ ਕੀਤੇ ਗਏ ਅਤੇ ਹੁਣ ਤਰੱਕੀ ਪਾਉਣ ਵਾਲੇ ਪਹਿਲਾਂ ਤੋਂ ਰੈਗੂਲਰ ਪੋਸਟਾਂ ਤੇ ਕੰਮ ਕਰ ਰਹੇ ਕਾਮਿਆਂ ਨੂੰ ਮੈਡੀਕਲ ਕਰਵਾਉਣ ਦੇ ਬੇਤੁਕੇ ਆਦੇਸ਼ ਜਾਰੀ ਕਰਕੇ ਕਰਮਚਾਰੀਆਂ ਨੂੰ ਖਜਲ ਖਰਾਬ ਕਰਨ ਲਈ ਧੱਕੇਸ਼ਾਹੀ ਕਰਕੇ ਗਲਤ ਪੋਸਟਿੰਗਾਂ ਕਰ ਦਿੱਤੀਆਂ ਹਨ ਜੋ ਕਦਾਚਿਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਮੁੱਖ ਇੰਜੀਨੀਅਰ ਤੇ ਕਾਮਿਆਂ ਦੀਆਂ ਬਦਲੀਆਂ ਕਰਨ ਬਦਲੇ ਰਿਸ਼ਵਤਖੋਰੀ ਦੇ ਗੰਭੀਰ ਦੋਸ਼ ਵੀ ਲਗਾਏ । ਆਗੂਆਂ ਨੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਮੁੱਖ ਇੰਜੀਨੀਅਰ ਪੀ ਐਮ ਲੁਧਿਆਣਾ ਵੱਲੋਂ ਮੁਲਾਜ਼ਮਾਂ ਨਾਲ ਕੀਤੀਆਂ ਜਾ ਰਹੀਆਂ ਵਧੀਕੀਆਂ ਤੇ ਰੋਕ ਲਗਾ ਕੇ ਕਰਮਚਾਰੀਆਂ ਨੂੰ ਇਨਸਾਫ਼ ਦਿੱਤਾ ਜਾਵੇ ਨਹੀਂ ਤਾਂ 4 ਮਾਰਚ ਨੂੰ ਮੁੱਖ ਇੰਜੀਨੀਅਰ ਖਿਲਾਫ਼ ਜਬਰਦਸਤ ਰੋਸ ਧਰਨਾ ਲਗਾਉਣ ਤੋਂ ਇਲਾਵਾ ਹੈਂਕੜ ਅਧਿਕਾਰੀ ਦਾ ਫੀਲਡ ਦੇ ਦੌਰਿਆਂ ਦੌਰਾਨ ਕਾਲੇ ਝੰਡਿਆਂ ਨਾਲ ਵਿਖਾਵੇ ਕੀਤੇ ਜਾਣਗੇ । ਇਸ ਰੋਸ ਧਰਨੇ ਨੂੰ ਮੁਲਾਜ਼ਮ ਆਗੂ ਹਰਵਿੰਦਰ ਸਿੰਘ ਲਾਲੂ , ਚਰਨਜੀਤ ਸਿੰਘ ਜਗਰਾਉਂ , ਪ੍ਰਭੂਜੋਤ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਜ਼ਿਲ੍ਹਾ ਪ੍ਰਸ਼ਾਸ਼ਨ ਤੇ ਅਲਿਮਕੋ ਵੱਲੋਂ ਦਿਵਿਆਂਗਜਨਾਂ ਲਈ ਸਹਾਇਕ ਸਮੱਗਰੀ ਵੰਡ ਕੈਂਪ ਦਾ ਆਯੋਜਨ



ਮਾਲੇਰਕੋਟਲਾ :( ਕਿੱਮੀ ਅਰੋੜਾ ,ਅਸਲਮ ਨਾਜ਼)

ਸਮੱਗਰ ਸਿੱਖਿਆ ਅਭਿਆਨ ਵੱਲੋਂ ਚਲਾਏ ਜਾ ਰਹੇ ਆਈ. ਈ. ਡੀ./ ਆਈ. ਈ. ਡੀ. ਐਸ. ਐਸ ਕੰਪੋਨੈਂਟ ਅਧੀਨ ਦਿਵਿਆਂਗ ਬੱਚਿਆਂ ਲਈ ਮੁਫਤ ਸਹਾਇਤਾ ਉਪਕਰਨ ਕੈਂਪ ਤਕਸ਼ੀਮ ਕਰਨ ਲਈ ਡਿਪਟੀ ਕਮਿਸ਼ਨਰ ਡਾ ਪੱਲਵੀ ਦੇ ਦਿਸ਼ਾ ਨਿਰਦੇਸ਼ਾ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਸਦਰਾਬਾਦ ਵਿਖੇ ਵਿਸ਼ੇਸ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਐਲਿਮਕੋ ਦੀ ਮਾਹਿਰ ਡਾਕਟਰਾਂ ਦੀ ਟੀਮ ਵਲੋਂ 16 ਲੋੜਵੰਦ ਬੱਚਿਆਂ ਨੂੰ 22 ਮੁਫਤ ਸਹਾਇਤਾ ਉਪਕਰਨ ਵੰਡੇ ਗਏ । ਜਿਨ੍ਹਾਂ ਵਿੱਚ 04 ਵੀਲ ਚੇਅਰ, 01 ਸੀ.ਪੀ ਚੇਅਰ, 01 ਟੀ.ਐਲ.ਐਮ ਕਿੱਟ, 01 ਸਮਾਰਟ ਫੋਨ, 01 ਸਮਾਰਟ ਕੈਂਨ, 01 ਬਰੇਲ ਕਿੱਟ, 10 ਹੀਰਿੰਗ ਏਡ, 03 ਬੱਚਿਆਂ ਨੂੰ ਕੈਲੀਪਰ ਸ਼ਾਮਲ ਹਨ।

ਡੀ. ਐਸ. ਈ. ਮੁਹੰਮਦ ਰਿਜ਼ਵਾਨ ਨੇ ਕਿਹਾ ਕਿ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਵਿਸੇਸ ਲੋੜਾਂ ਵਾਲੇ ਬੱਚਿਆ ਦੀ ਭਲਾਈ ਲਈ ਹਰ ਯੋਗ ਉਪਰਾਲੇ ਕਰ ਰਹੇ ਹਨ। ਉਹਨਾਂ ਕਿਹਾ ਕਿ ਇਹਨਾਂ ਉਪਕਰਨਾਂ ਨਾਲ ਉਹਨਾਂ ਨੂੰ ਆਪਣੇ ਰੋਜਮਰਾ ਦੇ ਕੰਮ ਆਸਾਨੀ ਨਾਲ ਕਰਨ ਵਿੱਚ ਮਦਦ ਮਿਲੇਗੀ। ਉਹਨਾਂ ਦਿਵਿਆਂਗਜਨਾਂ ਨੂੰ ਆਪਣੀ ਜਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਆ ਅਤੇ ਕਿਹਾ ਕਿ ਕੋਈ ਵੀ ਅਜਿਹਾ ਖੇਤਰ ਨਹੀਂ ਹੈ ਜਿਸ ਵਿੱਚ ਦਿਵਿਆਂਗਜਨ ਤਰੱਕੀ ਨਹੀਂ ਕਰ ਸਕਦੇ, ਇਸ ਲਈ ਉਹ ਆਪਣੀ ਜਿੰਦਗੀ ਨੂੰ ਸਫਲ ਬਣਾਉਣ ਲਈ ਮਿਸਾਲੀ ਕੰਮ ਕਰਨ।

ਇਸ ਮੌਕੇ ਅਲਿਮਕੋ ਤੋਂ ਸ਼ੁਰੂਸ਼ਾ ਕਾਮਬਲੇ ਅਤੇ ਮਧੂਰ ਸ਼ਰਮਾ ਡੀ. ਐਸ. ਈ. ਮੁਹੰਮਦ ਰਿਜ਼ਵਾਨ, ਡੀ. ਐਸ. ਈ. ਟੀ. ਜਸਵੀਰ ਕੌਰ ਵੱਲੋਂ ਮੁਫਤ ਸਹਾਇਤਾ ਉਪਕਰਨ ਵਾਰੇ ਵਿਸਥਾਰ ਰੂਪ ਵਿਚ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਕੂਲੀ ਦੀ ਮੁਖੀ ਲਖਵਿੰਦਰ ਕੋਰ, ਦੀਦਾਰ ਸਿੰਘ ਸਿਮਰਨਜੀਤ ਕੋਰ, ਨਿਰਭੈ ਸਿੰਘ, ਅਮ੍ਰਿਤ ਪਾਲ ਕੋਰ, ਸੁਰਿੰਦਰ ਪਾਲ ਕੋਰ, ਮੁਮਤਾਜ ਵੀ ਮੌਜੂਦ ਸਨ। ਇਸ ਕੈਂਪ ਦੋਰਾਨ ਬੱਚਿਆਂ ਦੇ ਮਾਪਿਆਂ ਵੱਲੋ ਸਕੂਲ ਸਿੱਖਿਆ ਵਿਭਾਗ ਵੱਲੋ ਦਿੱਤੇ ਗਏ ਸਮਾਨ ਦਾ ਧੰਨਵਾਦ ਕੀਤਾ ।

# ਫੂਡ ਸੇਫ਼ਟੀ ਅਧਿਕਾਰੀਆਂ ਦੀ ਟੀਮ ਵੱਲੋਂ ਚੈਕਿੰਗ, ਤਿਆਰ ਕੀਤੇ ਮਟਨ, ਬਟਰ ਟੋਫੀਜ਼ ਤੇ ਮੈਦੇ ਦੇ 3 ਨਮੂਨੇ ਭਰੇ



ਜਲੰਧਰ, (ਲੋਕ ਬਾਣੀ) : ਖਾਣ-ਪੀਣ ਵਾਲੇ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਲਗਾਤਾਰਤਾ ਵਿੱਚ ਫੂਡ ਸੇਫ਼ਟੀ ਅਧਿਕਾਰੀਆਂ ਦੀ ਟੀਮ ਵੱਲੋਂ ਅੱਜ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਖਾਣ-ਪੀਣ ਵਾਲੇ ਪਦਾਰਥਾਂ ਦੀ ਵਿਕਰੀ ਕਰਨ ਵਾਲੇ ਅਦਾਰਿਆਂ ਦੀ ਚੈਕਿੰਗ ਕੀਤੀ ਗਈ।

ਕਮਿਸ਼ਨਰ ਫੂਡ ਸੇਫ਼ਟੀ ਪੰਜਾਬ ਅਭਿਨਵ ਤ੍ਰਿਖਾ ਦੀਆਂ ਹਦਾਇਤਾਂ 'ਤੇ ਸਹਾਇਕ ਕਮਿਸ਼ਨਰ ਡਾ. ਹਰਜੋਤ ਪਾਲ ਸਿੰਘ ਦੀ ਅਗਵਾਈ ਵਾਲੀ ਟੀਮ ਵੱਲੋਂ ਮਾਡਲ ਟਾਊਨ, ਨਿਊ ਜਵਾਹਰ ਨਗਰ ਅਤੇ ਬਸਤੀ ਪੀਰ ਦਾਦ ਰੋਡ ਇਲਾਕੇ ਵਿੱਚ ਖਾਣ-ਪੀਣ ਵਾਲੇ ਪਦਾਰਥਾਂ ਦੀ ਵਿਕਰੀ ਕਰਨ ਵਾਲੇ ਵੱਖ-ਵੱਖ ਅਦਾਰਿਆਂ ਦਾ ਨਿਰੀਖਣ ਕਰਕੇ ਤਿਆਰ ਕੀਤੇ ਮਟਨ, ਬਟਰ ਟੋਫੀਜ਼ ਅਤੇ ਮੈਦੇ ਦੇ 3 ਨਮੂਨੇ ਭਰੇ ਗਏ। ਟੀਮ ਵਿੱਚ ਫੂਡ ਸੇਫ਼ਟੀ ਅਫ਼ਸਰ ਮੁਕੁਲ ਗਿੱਲ ਵੀ ਸ਼ਾਮਲ ਸਨ।

ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਮਿਲਾਵਟ ਅਤੇ ਗੁਣਵੱਤਾ ਮਾਪਦੰਡਾਂ ਦੀ ਜਾਂਚ ਲਈ ਭਰੇ ਗਏ ਸੈਂਪਲਾਂ ਦੀ ਟੈਸਟਿੰਗ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਚੈਕਿੰਗਾਂ ਦਾ ਉਦੇਸ਼ ਖਾਧ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਤੋਂ ਇਲਾਵਾ ਇਹ ਯਕੀਨੀ ਬਣਾਉਣਾ ਹੈ ਕਿ ਖਪਤਕਾਰਾਂ ਨੂੰ ਸੁਰੱਖਿਅਤ ਤੇ ਗੁਣਵੱਤਾ ਭਰਪੂਰ ਭੋਜਨ ਉਤਪਾਦ ਮਿਲਣ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੀਆਂ ਚੈਕਿੰਗਾਂ ਜਾਰੀ ਰਹਿਣਗੀਆਂ।ਉਨ੍ਹਾਂ ਖਾਣ-ਪੀਣ ਵਾਲੇ ਪਦਾਰਥਾਂ ਦਾ ਕਾਰੋਬਾਰ ਕਰਨ ਵਾਲਿਆਂ ਨੂੰ ਖ਼ਪਤਕਾਰਾਂ ਦੀ ਸੁਰੱਖਿਆ ਲਈ ਸਾਫ਼-ਸੁਥਰੇ ਅਤੇ ਗੁਣਵੱਤਾ ਭਰਪੂਰ ਭੋਜਨ ਪਦਾਰਥ ਹੀ ਤਿਆਰ ਕਰਨ ਅਤੇ ਵੇਚਣ ਦੀ ਹਦਾਇਤ ਕੀਤੀ। ਇਸ ਦੌਰਾਨ ਉਨ੍ਹਾਂ ਵੱਲੋਂ ਲੋਕਾਂ ਨੂੰ ਖਾਣ-ਪੀਣ ਵਾਲੇ ਪਦਾਰਥਾਂ ਨਾਲ ਸਬੰਧਤ ਕਿਸੇ ਵੀ ਸ਼ੱਕੀ ਗਤੀਵਿਧੀ ਸਬੰਧੀ ਵਿਭਾਗ ਨੂੰ ਸੂਚਨਾ ਦੇਣ ਦੀ ਅਪੀਲ ਵੀ ਕੀਤੀ।

# ਸਤਿਗੁਰੁ ਬਾਬਾ ਹਰਦੇਵ ਸਿੰਘ ਜੀ ਦੇ ਜਨਮ ਦਿਨ ਨੂੰ ਸਮਰਪਿਤ।



ਦੀਨਾਨਗਰ (ਡਾ ਰਮੇਸ਼ ਸਰੰਗਲ ) ਅੱਜ ਦਿਨ ਐਤਵਾਰ ਨੂੰ ਸਤਿਗੁਰ ਬਾਬਾ ਹਰਦੇਵ ਸਿੰਘ ਜੀ ਮਹਾਰਾਜ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਸੰਤ ਨਿਰੰਕਾਰੀ ਭਵਨ ਦੀਨਾਨਗਰ ਵੱਲੋਂ ਸਮੂਹ ਸੇਵਾ ਦਲ ਭੈਣਾਂ ਭਰਾਵਾਂ ਅਤੇ ਸੰਗਤ ਦੇ ਸਹਿਯੋਗ ਨਾਲ ਪ੍ਰੋਜੈਕਟ ਅਮ੍ਰਿਤ ਤਹਿਤ ਸਤਗੁਰ ਮਾਤਾ ਸੁਦਿਕਸ਼ਾ ਜੀ ਮਹਾਰਾਜ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਮਨਾਇਆ ਗਿਆ । ਜਿਸ ਤਹਿਤ ਸਵੇਰੇ 7 ਵਜੇ ਤੋਂ ਯੂਬੀਡੀਸੀ ਕੈਨਾਲ ਭਟੋਆ ਨਹਿਰ ਤੇ ਸਮੂਹ ਸੇਵਾ ਦਲ ਵਲੋਂ ਸਫਾਈ ਕੀਤੀ ਗਈ। ਸੰਯੋਜਕ ਮਹਾਤਮਾ ਅਮਰਜੀਤ ਨਿਰੰਕਾਰੀ ਵੱਲੋਂ ਸਵੱਛ ਜਲ ਸਵੱਛ ਮਨ ਪ੍ਰੋਜੈਕਟ ਅਮ੍ਰਿਤ ਦੀ ਮਹੱਤਤਾ ਦੱਸਦੇ ਹੋਏ ਸੇਵਾ ਲਈ ਪ੍ਰੇਰਿਤ ਕੀਤਾ। ਇਸ ਵਿੱਚ ਸਮੂਹ ਸੇਵਾ ਦਲ ਅਧਿਕਾਰੀ ਭੈਣਾਂ ਭਰਾਵਾਂ ਇਲਾਕੇ ਦੇ ਪਤਵੰਤੇ ਸੱਜਣ ਅਤੇ ਸੰਗਤ ਦੇ ਸਹਿਯੋਗ ਨਾਲ ਨਿਰਧਾਰਿਤ ਸਥਾਨਾਂ ਦੀ ਸਫਾਈ ਕੀਤੀ ਗਈ। ਇਸ ਅਭਿਆਨ ਵਿੱਚ ਲੋਕਲ ਪ੍ਰਸਾਸ਼ਨ, ਕਮੇਟੀ ਵਲੋਂ ਅਤੇ ਐਸ ਡੀ ਐਮ ਦੀਨਾਨਗਰ ਵੱਲੋਂ ਵੀ ਸਹਿਯੋਗ ਦਿੱਤਾ ਗਿਆ।

# ਨਵੀਆਂ ਵਿਕਸਿਤ ਹੋ ਰਹੀਆਂ ਅਣ ਅਧਿਕਾਰਿਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ



ਅੰਮਿਤਸਰ(ਲੋਕ ਬਾਣੀ) – ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ,ਆਈ.ਏ.ਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ, ਪੀ.ਸੀ. ਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਡਿਊਟੀ ਮੈਜਿਸਟ੍ਰੇਟ ਸ਼੍ਰੀ ਜਗਬੀਰ ਸਿੰਘ, ਉੱਪ-ਮੰਡਲ ਇੰਜੀਨੀਅਰ (ਜਸ),ਏਡੀਏ, ਅੰਮ੍ਰਿਤਸਰ ਅਤੇ ਥਾਣਾ ਘਰਿੰਡਾ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਛੇਹਰਟਾ ਸਾਹਿਬ ਤੋਂ ਗੁਰੂਦੁਆਰਾ ਸੰਨ ਸਾਹਿਬ ਰੋਡ ਤੇ ਪਿੰਡ ਬਾਸਰਕੇ ਗਿੱਲਾਂ ਉੱਪਰ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਰੈਗੂਲੇਟਰੀ ਵਿੰਗ ਵੱਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਬਾਸਰਕੇ ਗਿੱਲਾਂ ਵਿਖੇ ਵਿਕਸਿਤ ਕੀਤੀ ਜਾ ਰਹੀਆਂ ਨਵੀਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਉਕਤ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਸਨ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਵਿਭਾਗ ਵੱਲ਼ੋਂ ਹੁਣ ਤੱਕ ਕੁੱਲ 15 ਅਣ-ਅਧਿਕਾਰਿਤ ਕਲੋਨੀ ਕੱਟਣ ਵਾਲੇ ਕਲੋਨਾਈਜਰਾਂ ਅਤੇ ਅਣ-ਅਧਿਕਾਰਿਤ ਉਸਾਰੀ ਕਰਨ ਵਾਲੇ ਉਸਾਰੀਕਰਤਾਵਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।


ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮੰਜੂਰ ਸ਼ੁਦਾ ਨਹੀਂ ਹਨ, ਉਹਨਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ। ਇਸ ਤੋ ਇਲਾਵਾ ਉਹਨਾਂ ਵੱਲੋਂ ਇਹ ਵੀ ਅਪੀਲ ਕੀਤੀ ਗਈ ਕਿ ਜ਼ਿਲੇ ਅੰਦਰ ਕਿਸੇ ਵੀ ਜਗ੍ਹਾ ਉੱਪਰ ਕਿਸੇ ਵੀ ਪ੍ਰਕਾਰ ਦੀ ਉਸਾਰੀ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਪਾਸੋਂ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

# ਲਾਪਰਵਾਹੀ ਕਰਨ ਵਾਲੇ ਕਰਮਚਾਰੀਆਂ ਤੇ ਸਖ਼ਤੀ ਨਾਲ ਹੋਵੇਗੀ ਕਾਰਵਾਈ -ਸਿਵਲ ਸਰਜਨ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੀਆਂ ਹਦਾਇਤਾ ਅਨੂਸਾਰ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵਲੋਂ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਓਣ ਲਈ ਅਰਬਨ ਪ੍ਰਾਈਮਰੀ ਹੈਲਥ ਸੈਂਟਰ ਢਾਬ ਖਟੀਕਾਂ ਵਿਖੇ ਸਪੈਸ਼ਲ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਣ ਉਹਨਾਂ ਵਲੋ ਸਟਾਫ ਦੀ ਹਾਜ਼ਰੀ ਦੇ ਨਾਲ ਨਾਲ ਓ.ਪੀ. ਡੀ.,ਵਾਰਡ,ਡੈਂਟਲ ਵਿਭਾਗ,ਲੇਬਰ ਰੂਮ,ਲੈਬ,ਦਵਾਈਆਂ ਦਾ ਸਟਾਕ ਅਤੇ ਐਮ. ਸੀ.ਐਚ.ਵਿਭਾਗ ਵਿਚ ਜਾ ਕੇ ਜਾਂਚ ਕੀਤੀ ਅਤੇ ਵਾਰਡ ਵਿਚ ਦਾਖਿਲ ਮਰੀਜਾਂ ਪਾਸੋਂ ਮੁਫਤ ਦਵਾਈਆਂ, ਲੈਬ ਟੈਸਟ ਦੀਆਂ ਸਹੂਲਤਾਂ ਸੰਬਧੀ ਪੁਛ-ਪੜਤਾਲ ਕੀਤੀ ਗਈ। ਇਸਤੋਂ ਇਲਾਵਾ ਸਟਾਫ ਦੀ ਹਾਜਰੀ ਬਾਰੇ ਬੜੇ ਵਿਸਥਾਰ ਵਾਲ ਜਾਂਚ ਕੀਤੀ। ਜਿਸ ਦੌਰਾਣ ਡਿਊਟੀ ਦੌਰਾਨ ਵਿੱਚ ਕੁਤਾਹੀ ਵਰਤਣ ਵਾਲੇ ਕਰਮਚਾਰੀਆਂ ਨੂੰ ਸਖਤ ਤਾੜਨਾਂ ਕੀਤੀ ਅਤੇ ਕਿਹਾ ਕਿ ਅਣਗਹਿਲੀ ਕਰਨ ਵਾਲੇ ਕਰਮਚਾਰੀਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਵੱਲੋਂ ਸਮੂਹ ਸਟਾਫ ਅਤੇ ਡਾਕਟਰਾਂ ਨੂੰ ਹਦਾਇਤ ਕੀਤੀ ਸਮੇਂ ਦੇ ਪਾਬੰਦ ਰਹਿਆ ਜਾਵੇ ਅਤੇ ਸੇਵਾ ਭਾਵਨਾਂ ਨਾਲ ਕੰਮ ਕੀਤਾ ਜਾਵੇ। ਇਸ ਮੌਕੇ ਤੇ ਜਿਲਾ ਟੀਕਾਕਰਨ ਅਫਸਰ ਡਾ.ਭਾਰਤੀ ਧਵਨ, ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।

# ਬ੍ਰਹਮ ਉਤਸਵ ਦੇ ਸਬੰਧ ਵਿੱਚ ਸ਼ਰਧਾ ਪੂਰਵਕ ਕੱਢਿਆ ਜਾ ਹਨ ਰਹੀਆਂ ਪ੍ਰਭਾਤ ਫੇਰੀਆ



ਫ਼ਗਵਾੜਾ (ਸੁਸ਼ੀਲ ਸ਼ਰਮਾ) ਸ੍ਰੀ ਮੁਕਤੀ ਨਰਾਇਣ ਧਾਮ ਵੈਂਕਟੇਸ਼ ਮੰਦਿਰ,ਗਰੀਨ ਫੀਲਡ,ਮਜੀਠਾ ਰੋਡ ਵਿਖੇ ਭਗਵਾਨ ਬਾਲਾ ਜੀ ਵੈਂਕਟੇਸ਼ ਦੇ 16ਵੇਂ ਬ੍ਰਹਮ ਉਤਸਵ ਦੇ ਸਬੰਧ ਵਿੱਚ ਕੱਢੀਆਂ ਜਾਣ ਵਾਲੀਆਂ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆ ਹਨ। ਜੋ 23 ਫਰਵਰੀ ਤੱਕ ਜਾਰੀ ਰਹਿਣਗੀਆਂ। ਪ੍ਰਭੂ ਦੀ ਸੁੰਦਰ ਸਜਾਈ ਪਾਲਕੀ ਦੇ ਨਾਲ ਭਗਤਾਂ ਵੱਲੋਂ ਪੂਰੀ ਸ਼ਰਧਾ ਤੇ ਉਤਸਾਹ ਦੇ ਨਾਲ ਕੱਢੇ ਜਾਣ ਵਾਲੀਆਂ ਪ੍ਰਭਾਤ ਫੇਰੀਆਂ ਦੇ ਤਹਿਤ ਡਾਇਮੰਡ ਐਵਨੀਓ ਨਿਵਾਸੀ ਅਸ਼ੋਕ ਗੁਪਤਾ ਦੇ ਗ੍ਰਹਿ ਨਿਵਾਸ ਵਿਖੇ ਵੀ ਪ੍ਰਭਾਤ ਫੇਰੀ ਦਾ ਸ਼ਰਧਾ ਦੇ ਨਾਲ ਸਵਾਗਤ ਕੀਤਾ ਗਿਆ। ਕਮੇਟੀ ਦੇ ਮੁੱਖ ਪ੍ਰਬੰਧਕ ਚਰਨਜੀਤ ਅਗਨੀਹੋਤਰੀ,ਧਰਮਪਾਲ ਪਰਾਸ਼ਰ, ਚਰਨਜੀਤ ਭਾਸਕਰ,ਰਵੀ ਸ਼ਰਮਾ,ਰੂਪੇਸ਼ ਗੋਇੰਕਾ, ਰਮੇਸ਼ ਸਲਵਾਨ,ਭੂਸ਼ਣ ਗੁਪਤਾ ਕ੍ਰਿਸ਼ਨ ਅਗਨੀਹੋਤਰੀ ਇਲਾਕਾ ਨਿਵਾਸੀਆਂ ਨੂੰ ਪ੍ਰਭਾਤ ਫੇਰੀਆਂ,ਸ਼ੋਭਾ ਯਾਤਰਾ ਅਤੇ ਮੰਦਰ ਕਮੇਟੀ ਵੱਲੋਂ ਅਯੋਜਿਤ ਪ੍ਰੋਗਰਾਮ ਦੇ ਵਿੱਚ ਹਾਜਰੀਆਂ ਭਰਨ ਦੀ ਅਪੀਲ ਵੀ ਕੀਤੀ ਗਈ। ਇਸ ਮੌਕੇ ਤੇ ਵੀਨਾ ਗੁਪਤਾ,ਗਰੌਵਣ ਗੁਪਤਾ,ਅਮਿਤਾ,ਪਲਵ,ਕ੍ਰਿਸ਼ਨ,ਮਿਆਂਕ, ਰੀਦਨ, ਕ੍ਰਿਸ਼ਨਾ,ਅੰਜੂ, ਨੀਤੀਕਾ,ਮਾਇਰਾ,ਕ੍ਰਿਸ਼ ਸਮੇਤ ਹੋਰ ਕਈ ਇਲਾਕਾ ਨਿਵਾਸੀ ਹਾਜਰ ਸਨ।

# ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਵੱਲੋਂ ਲਗਾਈਆਂ ਫੈਂਸੀ ਅਤੇ ਸੋਲਰ ਲਾਈਟਾਂ ਵਿੱਚ ਘਪਲੇ ਦੀ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਜਾਂਚ ਸ਼ੁਰੂ -ਸੁਰੇਸ਼ ਕੁਮਾਰ ਸ਼ਰਮਾ


ਅੰਮ੍ਰਿਤਸਰ, ਵੜੈਚ)- ਆਰ.ਟੀ ਆਈ ਐਕਟੀਵਿਸਟ ਸੁਰੇਸ਼ ਕੁਮਾਰ ਸ਼ਰਮਾ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਉਨਾਂ ਵੱਲੋਂ ਅਕਤੂਬਰ 2024 ਨੂੰ ਅੰਮ੍ਰਿਤਸਰ ਇੰਪਰੂਵਮੇਂਟ ਟਰੱਸਟ ਦੇ ਅਧਿਕਾਰੀਆਂ ਦੀ ਠੇਕੇਦਾਰਾਂ ਨਾਲ ਮਿਲੀਭੁਗਤ ਕਾਰਨ ਸਾਲ 2021-22 ਵਿੱਚ ਲਗਾਈਆਂ ਫੈਂਸੀ ਅਤੇ ਸੋਲਰ ਲਾਈਟਾਂ ਵਿੱਚ ਵੱਡਾ ਖੁਲਾਸਾ ਕੀਤਾ ਸੀ ਅਤੇ ਲਿਖਤੀ ਰੂਪ ਵਿੱਚ ਮੁੱਖ ਮੰਤਰੀ ਪੰਜਾਬ ਲੋਕਲ ਬਾਡੀ ਮੰਤਰੀ ਪ੍ਰਿੰਸੀਪਲ ਸੈਕਟਰੀ ਅਤੇ ਪੰਜਾਬ ਵਿਜੀਲੈਂਸ ਬਿਊਰੋ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ। ਉਹਨਾਂ ਦੱਸਿਆ ਕਿ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਪੱਤਰ ਨੰਬਰ 127 ਮਿਤੀ ਫਰਵਰੀ 2025 ਨੂੰ ਮੈਨੂੰ ਦਫਤਰ ਬੁਲਾਇਆ ਗਿਆ ਅਤੇ ਅਧਿਕਾਰੀ ਦੇ ਸਾਹਮਣੇ ਬਿਆਨ ਦਰਜ ਕਰਵਾ ਦਿੱਤੇ ਗਏ ਹਨ।

ਸੁਰੇਸ਼ ਕੁਮਾਰ ਸ਼ਰਮਾ ਨੇ ਇੱਕ ਵਾਰ ਫਿਰ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਾਲ 20212 ਵਿੱਚ ਪਿੰਡ ਮੂਧੱਲ ਵਿਖੇ ਸੋਲਰ ਲਾਈਟਾਂ ਲਗਾਉਣ ਲਈ ਭਾਰਤ ਇਲੈਕਟ੍ਰਿਕਲ ਨੂੰ 1.20 ਕਰੋੜ ਦਾ ਕੰਮ 1.75 ਲੈਸ ਦੇ ਨਾਲ ਅਲਾਟ ਕੀਤਾ ਗਿਆ ਸੀ। ਪਰ ਮੁਧੱਲ ਪਿੰਡ ਵਿੱਚ ਸਿਰਫ 216 ਸੋਲ ਲਾਈਟਾਂ ਲਗਾ ਕੇ ਠੇਕੇਦਾਰ ਕੰਪਨੀ ਨੂੰ 286 ਸੋਲਰ ਲਾਈਟਾਂ ਦੀ ਪੇਮੈਂਟ 42,179 ਰੁਪਏ ਦੇ ਹਿਸਾਬ ਨਾਲ ਕੀਤੀ ਗਈ ਹੈ। ਜਦਕਿ ਮੌਕੇ ਤੇ ਸਿਰਫ 20 ਹਜਰ ਰੁਪਏ ਤੱਕ ਵਾਲੀ ਲਾਈਟ ਹੀ ਲਗਾਈ ਗਈ ਹੈ।

ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਨਿਊ ਅੰਮ੍ਰਿਤਸਰ ਤੇ ਰਣਜੀਤ ਐਵੀਨਿਊ ਵਿੱਚ ਫੈਂਸੀ ਲਾਈਟਾਂ ਲਗਾਉਣ ਲਈ ਫ਼ਕੀਰ ਚੰਦ ਸ਼ਰਮਾ ਇਲੈਕਟਰੀਕਲ ਕੰਪਨੀ ਨੂੰ 4.27 ਕਰੋੜ ਰੁਪਏ ਵਿੱਚ 1.75 ਪ੍ਰਤੀਸ਼ਤ ਲੈਸ ਤੇ ਟੈਂਡਰ ਅਲਾਟ ਕੀਤਾ ਗਿਆ ਸੀ । ਅਧਿਕਾਰੀਆਂ ਵੱਲੋਂ ਨਿਊ ਅੰਮ੍ਰਿਤਸਰ ਵਿੱਚ 103 ਲਾਈਟਾਂ ਲਗਾ ਕੇ 109 ਅਤੇ ਰਣਜੀਤ ਐਵੀਨਿਊ ਵਿੱਚ 113 ਲਾਈਟਾਂ ਲੱਗਾ ਕੇ 119 ਲਾਈਟਾਂ ਦੀ ਪੇਮੇਂਟ ਕੀਤੀ ਗਈ ਹੈ। ਕੁੱਲ ਖ਼ਰਚਾ ਮਿਲਾ ਕੇ 176580 ਰੁਪਏ ਦੇ ਹਿਸਾਬ ਨਾਲ ਪੇਮੇਂਟ ਕੀਤੀ ਗਈ ਹੈ। ਜਦਕਿ ਮੌਕੇ ਤੇ ਲਗਾਈ ਗਈ ਲਾਈਟ ਦੀ ਕੁੱਲ ਕੀਮਤ 1 ਲੱਖ ਰੁਪਏ ਤੋਂ ਵੱਧ ਨਹੀਂ ਹੈ ।

ਸੁਰੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਵਾਰਡ ਨੰ : 23 ਅਤੇ 26 ਵਿੱਚ ਫੈਂਸੀ ਸੋਲਰ ਲਾਈਟਾਂ ਲਗਾਉਣ ਲਈ ਜਸਜੀਤ ਸਿੰਘ ਮੱਕੜਨੂੰ 49.00 ਲੱਖ ਰੁਪਏ ਦਾ ਕੰਮ 26.13 ਪ੍ਰਤੀਸ਼ਤ ਲੈਸ ਤੇ ਅਲਾਟ ਹੋਇਆ ਸੀ। ਅਧਿਕਾਰੀਆਂ ਵੱਲੋਂ ਗੁਰਦੁਆਰਾ ਵੱਲਾ ਸਾਹਿਬ ਵਿੱਚ 03 ਬਲੈਕ ਐਂਡ ਵਾਈਟ ਛੱਤਰੀ ਸੋਲਰ ਲਾਈਟਾਂ ਦੇ ਬਿੱਲ ਪਾਸ ਕੀਤੇ ਗਏ ਹਨ ਜਦਕਿ ਮੌਕੇ ਤੇ ਇਹ ਲਾਈਟਾਂ ਲਗਾਈਆਂ ਹੀ ਨਹੀਂ ਗਈਆਂ ਹਨ।

ਸੁਰੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਲ 2021-22 ਵਿੱਚ ਕਬੀਰ ਪਾਰਕ ਵਿੱਚ ਸਟ੍ਰੀਟ ਲਾਈਟਾਂ ਦੀ ਸਾਲਾਨਾ ਮੇਨਟੇਨੈਂਸ ਲਈ ਜਸਜੀਤ ਸਿੰਘ ਮੱਕੜ ਨੂੰ 10.00 ਲੱਖ



ਦਾ ਕੰਮ 2.26 ਪ੍ਰਤੀਸ਼ਤ ਲੈਸ ਤੇ ਅਲਾਟ ਹੋਇਆ ਸੀ । ਵਿਭਾਗ ਵੱਲੋਂ ਪੂਰੇ ਕਬੀਰ ਪਾਰਕ ਵਿੱਚ 90 ਵਾਟ ਦੇ 2360 ਬੱਲਬ, 60 ਵਾਟ ਦੇ 1320 ਬੱਲਬ ਅਤੇ 48 ਹਾਈ ਮਾਸਟ ਲਾਈਟਾਂ ਦੇ ਬਿੱਲ ਪਾਸ ਕੀਤੇ ਗਏ ਹਨ । ਜਦਕਿ ਸਥਾਨਕ ਲੋਕਾਂ ਵੱਲੋਂ ਧਿਆਨ ਵਿੱਚ ਲਿਆਂਦਾ ਗਿਆ ਹੈ ਅਤੇ ਭਰੋਸੇਯੋਗ ਸੂਤਰਾਂ ਤੋਂ ਵੀ ਪਤਾ ਲੱਗਾ ਹੈ ਕਿ ਇਸ ਕੰਮ ਦੇ ਫਰਜ਼ੀ ਬਿੱਲ ਬਣਾ ਕੇ ਦਸ ਪੁਆਇੰਟ 75 ਲੱਖ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਹੈ। ਸੁਰੇਸ਼ ਕੁਮਾਰ ਸ਼ਰਮਾ ਨੇ ਮੁੱਖ ਮੰਤਰੀ ਪੰਜਾਬ ਵਿਜੀਲੈਂਸ ਬਿਊਰੋ ਦਾ ਧੰਨਵਾਦ ਕਰਦਿਆਂ ਬੇਨਤੀ ਕੀਤੀ ਕਿ ਕਿ ਇਸ ਕੰਮ ਦੀ ਗਹਿਰਾਈ ਤੋਂ ਜਾਂਚ ਕੀਤੀ ਜਾਵੇ ਤਾਂ ਕਿ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਸਕੇ।

# ਐਚ.ਡੀ.ਸੀ.ਏ. ਦੀ ਸੁਰਭੀ ਅਤੇ ਅੰਜਲੀ ਪੰਜਾਬ ਅੰਡਰ-23 ਟੀਮ ਵਿੱਚ ਚੁਣੀਆਂ ਗਈਆਂ: ਡਾ: ਰਮਨ ਘਈ

ਹੁਸ਼ਿਆਰਪੁਰ --ਐਚ.ਡੀ.ਸੀ.ਏ ਹੁਸ਼ਿਆਰਪੁਰ ਸੈਂਟਰ ਦੀ ਸੁਰਭੀ ਅਤੇ ਅੰਜਲੀ ਦੀ ਪੰਜਾਬ ਅੰਡਰ-23 ਟੀਮ ਵਿੱਚ ਚੋਣ ਹੋਣ ਨਾਲ ਪੂਰੇ ਹੁਸ਼ਿਆਰਪੁਰ ਵਿੱਚ ਖੁਸ਼ੀ ਦਾ ਮਾਹੌਲ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਚਡੀਸੀਏ ਦੇ ਸਕੱਤਰ ਡਾ: ਰਮਨ ਘਈ ਨੇ ਦੱਸਿਆ ਕਿ ਵੁੱਡਲੈਂਡ ਓਵਰਸੀਜ਼ ਸਕੂਲ ਦੀ 10ਵੀਂ ਜਮਾਤ ਦੀ ਵਿਦਿਆਰਥਣ ਸੁਰਭੀ ਅਤੇ ਸਰਕਾਰੀ ਕਾਲਜ ਦੀ ਬੀਏ-1 ਦੀ ਵਿਦਿਆਰਥਣ ਅੰਜਲੀ ਸ਼ੀਹਮਰ ਦੇ ਪੰਜਾਬ ਟੀਮ ਵਿੱਚ ਚੁਣੇ ਜਾਣ ਕਾਰਨ ਹੁਸ਼ਿਆਰਪੁਰ ਅਤੇ ਐਚਡੀਸੀਏ ਦੇ ਕ੍ਰਿਕਟ ਖਿਡਾਰੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਡਾ: ਘਈ ਨੇ ਦੱਸਿਆ ਕਿ ਅੰਜਲੀ ਅਤੇ ਸੁਰਭੀ ਤੋਂ ਇਲਾਵਾ ਹੁਸ਼ਿਆਰਪੁਰ ਦੀ ਸ਼ਿਵਾਨੀ ਨੇ ਵੀ ਪੰਜਾਬ ਅੰਡਰ-23 ਸਟੈਂਡ ਬਾਏ ਚ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਦੇ ਇਹ ਦੋਵੇਂ ਖਿਡਾਰੀ ਇਸ ਤੋਂ ਪਹਿਲਾਂ ਪੰਜਾਬ ਅੰਡਰ-19 ਟੀਮ ਵਿੱਚ ਵੀ ਖੇਡ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਦੀ ਟੀਮ 5 ਮਾਰਚ ਤੋਂ 13 ਮਾਰਚ ਤੱਕ ਪਾਂਡੀਚੇਰੀ ਵਿੱਚ ਹੋਣ ਵਾਲੇ ਬੀਸੀਸੀਆਈ ਟੂਰਨਾਮੈਂਟ ਵਿੱਚ ਭਾਗ ਲੈਣ ਲਈ 3 ਮਾਰਚ ਨੂੰ ਪੀਸੀਏ ਮੁਹਾਲੀ ਤੋਂ ਰਵਾਨਾ ਹੋਵੇਗੀ। ਅੰਜਲੀ ਅਤੇ ਸੁਰਭੀ ਦੀ ਚੋਣ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਡਾ: ਘਈ ਨੇ ਕਿਹਾ ਕਿ ਸਮੁੱਚੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਨਾਲ-ਨਾਲ ਐਚ.ਡੀ.ਸੀ.ਏ. ਨੂੰ ਵੀ ਇਨ੍ਹਾਂ ਖਿਡਾਰਨਾਂ ਤੇ ਮਾਣ ਹੈ । ਉਨ੍ਹਾਂ ਕਿਹਾ ਕਿ ਐਚ.ਡੀ.ਸੀ.ਏ. ਦੀ ਅੰਜਲੀ, ਸੁਰਭੀ, ਸ਼ਿਵਾਨੀ, ਪੂਜਾ, ਆਸਥਾ, ਵੰਸ਼ਿਕਾ, ਨਿਰੰਕਾਰ ਅਤੇ ਧਰੁਵਿਕਾ ਪਿਛਲੇ ਕੁਝ ਸਾਲਾਂ ਤੋਂ ਪੰਜਾਬ ਦੀ ਮਹਿਲਾ ਟੀਮ ਵਿੱਚ ਜਿਸ ਮਿਹਨਤ ਅਤੇ ਲਗਨ ਨਾਲ ਵਧੀਆ ਪ੍ਰਦਰਸ਼ਨ ਕਰ ਰਹੀਆਂ ਹਨ, ਉਸ ਸਦਕਾ ਹੁਸ਼ਿਆਰਪੁਰ ਦੀ ਕੋਈ ਨਾ ਕੋਈ ਮਹਿਲਾ ਖਿਡਾਰਨ ਆਉਣ ਵਾਲੇ ਸਾਲਾਂ ਵਿੱਚ ਜਲਦੀ ਹੀ ਰਾਸ਼ਟਰੀ ਟੀਮ ਵਿੱਚ ਆਪਣੀ ਥਾਂ ਬਣਾ ਲਵੇਗੀ। ਉਨ੍ਹਾਂ ਦੱਸਿਆ ਕਿ ਚੁਣੀ ਗਈ ਪੰਜਾਬ ਅੰਡਰ-23 ਟੀਮ 23 ਫਰਵਰੀ ਤੋਂ 2 ਮਾਰਚ ਤੱਕ ਪੀ.ਸੀ.ਏ ਸਟੇਡੀਅਮ ਮੋਹਾਲੀ ਵਿਖੇ ਚੱਲਣ ਵਾਲੇ ਅਭਿਆਸ ਕੈਂਪ ਵਿੱਚ ਮੁੱਖ ਕੋਚ ਮਧੂ ਕਪੂਰ ਦੀ ਅਗਵਾਈ ਹੇਠ ਸਿਖਲਾਈ ਲਵੇਗੀ। ਅੰਜਲੀ ਅਤੇ ਸੁਰਭੀ ਦੀ ਪੰਜਾਬ ਅੰਡਰ-23 ਟੀਮ ਵਿੱਚ ਚੋਣ ਹੋਣ ਤੇ ਐਚ.ਡੀ.ਸੀ.ਏ ਦੇ ਪ੍ਰਧਾਨ ਡਾ.ਦਲਜੀਤ ਖੇਲਾ ਨੇ ਸਮੂਹ ਐਚ. ਡੀ.ਸੀ.ਏ ਦੀ ਤਰਫੋਂ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਜਿਸ ਮਿਹਨਤ ਨਾਲ ਸੁਰਭੀ ਅਤੇ ਅੰਜਲੀ ਪੰਜਾਬ ਦੀ ਅਗਵਾਈ ਕਰ ਰਹੀਆਂ ਹਨ, ਉਸ ਨਾਲ ਉਹ ਭਵਿੱਖ ਵਿੱਚ ਜਲਦੀ ਹੀ ਅੰਤਰਰਾਸ਼ਟਰੀ ਪੱਧਰ ਤੇ ਆਪਣੀ ਥਾਂ ਬਣਾਉਣਗੀਆਂ। ਅੰਜਲੀ ਅਤੇ ਸੁਰਭੀ ਦੇ ਕੋਚ ਦਵਿੰਦਰ ਕਲਿਆਣ, ਟਰੇਨਰ ਕੁਲਦੀਪ ਧਾਮੀ, ਸੀਨੀਅਰ ਕੋਚ ਦਲਜੀਤ ਸਿੰਘ, ਕੋਚ ਮਦਨ ਡਡਵਾਲ, ਕੋਚ ਦਲਜੀਤ




ਧੀਮਾਨ ਅਤੇ ਦਿਨੇਸ਼ ਸ਼ਰਮਾ ਨੇ ਵੀ ਖਿਡਾਰੀਆਂ ਨੂੰ ਉਨ੍ਹਾਂ ਦੀ ਚੋਣ ਲਈ ਵਧਾਈ ਦਿੱਤੀ।

# ਸਰਕਾਰੀ ਹਾਈ ਸਕੂਲ ਪੰਡੋਰੀ ਨੂੰ ਗਰੀਨ ਸਕੂਲ ਪ੍ਰੋਗਰਾਮ ਆਡਿਟ ਤਹਿਤ ਮਿਲਿਆ ਰਾਸ਼ਟਰੀ ਅਵਾਰਡ

ਫਗਵਾੜਾ (ਸੁਸ਼ੀਲ ਸ਼ਰਮਾ ) ਪੰਜਾਬ ਰਾਜ ਸਾਇੰਸ ਅਤੇ ਟੈਕਨਾਲੋਜੀ ਕੌਂਸਲ ਚੰਡੀਗੜ੍ਹ ਵਲੋਂ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਤਬਦੀਲੀ ਮੰਤਰਾਲੇ ਦੇ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਦੇਸ਼ ਭਰ ਵਿਚ ਚਲਾਏ ਗਰੀਨ ਸਕੂਲ ਪ੍ਰੋਗਰਾਮ ਆਡਿਟ ਅਧੀਨ ਸਰਕਾਰੀ ਹਾਈ ਸਕੂਲ ਪੰਡੋਰੀ ਤਹਿਸੀਲ ਫਗਵਾੜਾ ਨੂੰ ਰਾਸ਼ਟਰੀ ਅਵਾਰਡ ਪ੍ਰਾਪਤ ਹੋਇਆ ਹੈ। ਇਸ ਪ੍ਰਾਪਤੀ ਲਈ ਸਕੂਲ ਸਟਾਫ ਨੂੰ ਸਨਮਾਨਤ ਕਰਨ ਸਬੰਧੀ ਇਕ ਸਮਾਗਮ ਅੱਜ ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਸਕੂਲ ਕੈਂਪਸ ਵਿਖੇ ਕਰਵਾਇਆ ਗਿਆ। ਸਮਾਗਮ ਦੌਰਾਨ ਈਕੋ ਕਲੱਬ ਦੇ ਇੰਚਾਰਜ ਕਮਲ ਗੁਪਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਵਿਭਾਗ ਨਵੀਂ ਦਿੱਲੀ ਵਲੋਂ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਪੰਡੋਰੀ ਸਕੂਲ ਦੇ ਹਵਾ, ਊਰਜਾ, ਖੁਰਾਕ, ਭੌਂ, ਪਾਣੀ ਅਤੇ ਰਹਿੰਦ-ਖੂੰਦ ਦੀ ਵਿਵਸਥਾ ਦਾ ਆਡਿਟ ਕੀਤਾ ਗਿਆ ਸੀ। ਸਕੂਲ ਦੇ ਵਧੀਆ ਪ੍ਰਬੰਧਾ ਲਈ ਵਿਭਾਗ ਵਲੋਂ ਇਸ ਅਵਾਰਡ ਲਈ ਚੁਣਿਆ ਗਿਆ ਸੀ। ਜਿਸ ਤੋਂ ਬਾਅਦ ਪਿਛਲੇ ਦਿਨੀਂ ਨਵੀਂ ਦਿੱਲੀ ਵਿਖੇ ਆਯੋਜਿਤ ਸਮਾਗਮ ਦੌਰਾਨ ਸ਼੍ਰੀਮਤੀ ਸੁਨੀਤਾ ਨਾਰਾਇਣ ਜਨਰਲ ਸੀ.ਐਸ.ਈ. ਵਲੋਂ ਅਵਾਰਡ ਪ੍ਰਦਾਨ ਕੀਤਾ ਗਿਆ। ਸਕੂਲ ਦੀ ਇਸ ਪ੍ਰਾਪਤੀ ਲਈ ਜਿਲ੍ਹਾ ਸਿੱਖਿਆ ਅਫਸਰ (ਸੈ) ਦਲਜਿੰਦਰ ਕੌਰ ਵਿਰਕ, ਉਪ ਜਿਲ੍ਹਾ ਸਿੱਖਿਆ ਅਫਸਰ ਰਾਜੇਸ਼ ਭੱਲਾ, ਜਿਲ੍ਹਾ ਐਕਟੀਵਿਟੀ ਕੋਆਰਡੀਨੇਟਰ ਸੁਨੀਲ ਬਜਾਜ, ਜਿਲ੍ਹਾ ਸਿੱਖਿਆ ਵਾਤਾਵਰਣ ਪ੍ਰੋਗਰਾਮ ਦੇ ਕੋਆਰਡੀਨੇਟਰ ਗਗਨਦੀਪ ਸਿੰਘ ਅਤੇ ਬਲਾਕ ਕੋਆਰਡੀਨੇਟਰ ਸ਼ਮਸ਼ੇਰ ਸਿੰਘ ਨੇ ਵੀ ਸਮੂਹ ਦੇ ਸਕੂਲ ਸਟਾਫ ਦੀ ਸ਼ਲਾਘਾ ਕਰਦਿਆਂ ਵਧਾਈ ਸੰਦੇਸ਼ ਭੇਜੇ ਹਨ। ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਨੇ





ਸਕੂਲ ਦੀ ਇਸ ਪ੍ਰਾਪਤੀ ਨੂੰ ਲੈ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਖਾਸ ਤੌਰ ਤੇ ਈਕੋ ਕਲੱਬ ਇੰਚਾਰਜ ਕਮਲ ਗੁਪਤਾ ਨੂੰ ਸਨਮਾਨਤ ਕਰਕੇ ਹੌਸਲਾ ਅਫਜਾਈ ਕੀਤੀ। ਅਖੀਰ ਵਿਚ ਸਕੂਲ ਇੰਚਾਰਜ ਲਖਵਿੰਦਰ ਪ੍ਰੀਤ ਕੌਰ ਨੇ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪੰਚਾਇਤ ਮੈਂਬਰ ਗੁਰਪ੍ਰੀਤ ਸਿੰਘ ਬਾਠ, ਬਲਰਾਜ ਸਿੰਘ ਚੀਮਾ, ਸੁਖਦੇਵ ਸਿੰਘ ਕੁੱਕੂ, ਮਨਦੀਪ ਕੌਰ ਤੋਂ ਇਲਾਵਾ ਸੁਖਵਿੰਦਰ ਸਿੰਘ ਨੰਬਰਦਾਰ, ਕੁਲਵੀਰ ਸਿੰਘ ਚੀਮਾ, ਅਨੀਤਾ ਰਾਣੀ, ਪੁਨੀਤ ਕੰਵਲ ਕੌਰ, ਸੋਨਿਕਾ, ਸੋਨੀਆ, ਨਵਨੀਤ ਕੌਰ, ਪ੍ਰੀਤੀ, ਦੀਪਾਵਲੀ, ਅਰਸ਼ਦੀਪ ਸਿੰਘ, ਗੁਰਮੀਤ ਚੰਦ, ਬਲਵਿੰਦਰ ਸਿੰਘ ਸਮੇਤ ਸਕੂਲੀ ਵਿਦਿਆਰਥੀ ਹਾਜਰ ਸਨ।

# ਆਰ.ਟੀ.ਏ. ਨੇ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਹੈਵੀ ਡਿਊਟੀ ਵਾਹਨਾਂ ਦੇ ਚਲਾਨ ਕੱਟੇ




ਗੁਰਦਾਸਪੁਰ - ਨਵਨੀਤ ਕੁਮਾਰ - ਵਾਹਨ ਚਾਲਕਾਂ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਾਉਣ ਹਿਤ ਟਰਾਂਸਪੋਰਟ ਵਿਭਾਗ ਗੁਰਦਾਸਪੁਰ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਆਰ.ਟੀ.ਏ. ਗੁਰਦਾਸਪੁਰ ਸ੍ਰੀ ਦਵਿੰਦਰ ਕੁਮਾਰ ਵੱਲੋਂ ਬੀਤੀ ਰਾਤ ਵਿਸ਼ੇਸ਼ ਚੈਕਿੰਗ ਅਭਿਆਨ ਦੌਰਾਨ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਹੈਵੀ ਡਿਊਟੀ ਵਾਹਨ ਚਾਲਕਾਂ ਦੇ ਚਲਾਨ ਕੱਟੇ ਗਏ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਆਰ.ਟੀ.ਏ. ਸ੍ਰੀ ਦਵਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਬੀਤੀ ਰਾਤ ਗੁਰਦਾਸਪੁਰ ਨੇੜੇ ਹਾਈਵੇਅ ਉੱਪਰ ਵਿਸ਼ੇਸ਼ ਨਾਕਾ ਲਗਾ ਕੇ ਵਾਹਨ ਚਾਲਕਾਂ ਦੇ ਕਾਗ਼ਜ਼ਾਤ ਚੈੱਕ ਕੀਤੇ ਗਏ। ਇਸ ਦੌਰਾਨ ਉਨ੍ਹਾਂ ਨੇ ਓਵਰ ਲੋਡਿਡ ਹੈਵੀ ਡਿਊਟੀ ਵਾਹਨਾਂ ਅਤੇ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਵਾਹਨਾਂ ਦੇ ਚਲਾਨ ਕੱਟੇ ਗਏ ਹਨ। ਉਨ੍ਹਾਂ ਕਿਹਾ ਕਿ ਓਵਰਲੋਡ ਵਾਹਨ ਚਲਾਉਣਾ ਅਤੇ ਹੋਰ ਆਵਾਜਾਈ ਨਿਯਮਾਂ ਦੀ ਪਾਲਣਾ ਨਾ ਕਰਨਾ ਅਕਸਰ ਹੀ ਹਾਦਸਿਆਂ ਦਾ ਕਾਰਨ ਬਣਦਾ ਹੈ, ਜਿਸ ਨਾਲ ਕਈ ਕੀਮਤੀ ਜਾਨਾਂ ਤੱਕ ਚਲੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਇਸ ਲਈ ਹਰ ਵਾਹਨ ਚਾਲਕ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਨਾਲ ਹੀ ਆਪਣੇ ਵਾਹਨਾਂ ਦੇ ਸਾਰੇ ਕਾਗ਼ਜ਼ਾਤ ਪੂਰੇ ਰੱਖਣੇ ਚਾਹੀਦੇ ਹਨ। ਆਰ.ਟੀ.ਏ. ਸ੍ਰੀ ਦਵਿੰਦਰ ਕੁਮਾਰ ਨੇ ਜ਼ਿਲ੍ਹੇ ਦੇ ਸਮੂਹ ਸਕੂਲ ਪ੍ਰਬੰਧਕਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਉਹ ਸੇਫ਼ ਸਕੂਲ ਵਾਹਨਾਂ ਪਾਲਿਸੀ ਦੀ ਇੰਨ-ਬਿੰਨ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਟਰਾਂਸਪੋਰਟ ਵਿਭਾਗ ਵੱਲੋਂ ਟਰੈਫ਼ਿਕ ਪੁਲਿਸ ਨਾਲ ਮਿਲ ਕੇ ਇਹ ਚੈਕਿੰਗ ਅਭਿਆਨ ਭਵਿੱਖ ਵਿੱਚ ਵੀ ਜਾਰੀ ਰਹੇਗਾ।

# ਪਿੰਡ ਗੁਲਾਬਗੜ੍ਹ ਜਗੀਰ ਵਿਖੇ ਸ਼ਰਧਾ ਨਾਲ ਕਰਵਾਇਆ 648ਵੇਂ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ

ਫਗਵਾੜਾ (ਸੁਸ਼ੀਲ ਸ਼ਰਮਾ ) ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਗੁਲਾਬਗੜ੍ਹ ਜਗੀਰ ਦੀ ਪ੍ਰਬੰਧਕ ਕਮੇਟੀ ਵਲੋਂ ਗੁਰੂ ਸਾਹਿਬ ਦੇ 648ਵੇਂ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਸ਼੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ, ਪ੍ਰਵਾਸੀ ਭਾਰਤੀਆਂ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਗਿਆ। ਸਵੇਰੇ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਵਿਚ ਧਾਰਮਿਕ ਦੀਵਾਨ ਸਜਾਇਆ ਗਿਆ। ਇਸ ਦੌਰਾਨ ਗਿਆਨੀ ਸਤਨਾਮ ਸਿੰਘ ਬੰਸੀਆ ਢੱਕ (ਫਿਲੌਰ) ਦੇ ਜੱਥੇ ਨੇ ਕਥਾ ਕੀਰਤਨ ਰਾਹੀਂ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਫਲਸਫੇ ਬਾਰੇ



ਚਾਨਣਾ ਪਾਇਆ। ਉਪਰੰਤ ਮਿਸ਼ਨਰੀ ਕਲਾਕਾਰ ਵਿੱਕੀ ਬਹਾਦਰਕੇ ਐਂਡ ਮਿਊਜੀਕਲ ਗਰੁੱਪ ਨੇ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕਾਂ ਵਲੋਂ ਸਮੂਹ ਸੰਗਤਾਂ ਨੂੰ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਗਈ ਅਤੇ ਉਹਨਾਂ ਦੇ ਦਰਸਾਏ ਮਾਰਗ ਉਪਰ ਚੱਲਣ ਲਈ ਪ੍ਰੇਰਿਆ ਗਿਆ। ਸੇਵਾਦਾਰਾਂ ਵਲੋਂ ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਪਿੰਡ ਦੀਆਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬਾਨ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਮੂਹ ਪ੍ਰਬੰਧਕ ਕਮੇਟੀ, ਸੇਵਾਦਾਰ ਅਤੇ ਪਿੰਡ ਦੇ ਪਤਵੰਤੇ ਹਾਜਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
www.stsoldiergroup.com